ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 2 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੨੦ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਲਾਲਜੀਤ ਸਿੰਘ ਭੁੱਲਰ ਨੂੰ 14 ਦਿਨ ਦੀ ਨਿਆਂਇਕ ਹਿਰਾਸਤ 'ਚ ਭੇਜਿਆ

**ਅੰਮ੍ਰਿਤਸਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਡੀਐਮ ਗਗਨਦੀਪ ਸਿੰਘ ਰੰਧਾਵਾ ਦੇ ਖੁਦਕੁਸ਼ੀ ਮਾਮਲੇ ਵਿੱਚ ਗ੍ਰਿਫ਼ਤਾਰ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਅੱਜ ਫਿਰ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਮਾਮਲੇ ਦੀ ਸੁਣਵਾਈ ਦੌਰਾਨ ਮਾਨਯੋਗ ਅਦਾਲਤ ਨੇ ਪੁਲਿਸ ਰਿਮਾਂਡ ਖਤਮ ਕਰਦੇ ਹੋਏ ਭੁੱਲਰ ਨੂੰ 14 ਦਿਨਾਂ ਦੀ ਜੁਡੀਸ਼ੀਅਲ ਹਿਰਾਸਤ ਵਿੱਚ ਭੇਜਣ ਦੇ ਹੁਕਮ ਜਾਰੀ ਕੀਤੇ ਹਨ। ਜਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਲਾਲਜੀਤ ਸਿੰਘ ਭੁੱਲਰ ਨੂੰ ਪਹਿਲਾਂ ਪੰਜ ਦਿਨਾਂ ਦਾ ਪੁਲਿਸ ਰਿਮਾਂਡ ਮਿਲਿਆ ਸੀ, ਜਿਸ ਤੋਂ ਬਾਅਦ ਤਿੰਨ ਦਿਨਾਂ ਦਾ ਹੋਰ ਰਿਮਾਂਡ ਦਿੱਤਾ ਗਿਆ ਸੀ। ਲਾਲਜੀਤ ਸਿੰਘ ਭੁੱਲਰ ਦੇ ਵਕੀਲ ਐਡਵੋਕੇਟ ਹੀਰਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਿਸ ਵੱਲੋਂ ਅੱਜ ਦੁਬਾਰਾ ਪੇਸ਼ੀ ਦੌਰਾਨ ਪੁਲਿਸ ਵੱਲੋਂ ਹੋਰ ਰਿਮਾਂਡ ਦੀ ਮੰਗ ਕੀਤੀ ਗਈ ਸੀ, ਪਰ ਅਦਾਲਤ ਨੇ ਇਸ ਨੂੰ ਮਨਜ਼ੂਰ ਨਾ ਕਰਦੇ ਹੋਏ ਸਿੱਧਾ ਜੁਡੀਸ਼ੀਅਲ ਹਿਰਾਸਤ ਵਿੱਚ ਭੇਜਣ ਦਾ ਫੈਸਲਾ ਸੁਣਾਇਆ। ਇਸ ਸਬੰਧੀ ਪੂਰੀ ਜਾਣਕਾਰੀ ਭੁੱਲਰ ਦੇ ਵਕੀਲ ਐਡਵੋਕੇਟ ਹੀਰਾ ਸਿੰਘ ਵੱਲੋਂ ਮੀਡੀਆ ਨਾਲ ਸਾਂਝੀ ਕੀਤੀ ਗਈ। ਮਾਮਲਾ ਹੁਣ ਵੀ ਜਾਂਚ ਅਧੀਨ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਖੁਲਾਸਿਆਂ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਉਧਰ, ਅੱਜ ਅੰਮ੍ਰਿਤਸਰ ਰਣਜੀਤ ਐਵਨਿਊ ਇਲਾਕੇ ਵਿੱਚ ਮ੍ਰਿਤਕ ਡੀਐਮ ਗਗਨਦੀਪ ਸਿੰਘ ਰੰਧਾਵਾ ਦੇ ਘਰ ਵਿੱਚ ਬਿਜਲੀ ਦੀਆਂ ਤਾਰਾਂ ਕੱਟਣ ਦੇ ਮਾਮਲੇ 'ਚ ਗ੍ਰਿਫਤਾਰ ਕੀਤੇ ਗਏ ਨੌਜਵਾਨ ਗੁਰਬਖਸ਼ ਸਿੰਘ ਦੀ ਪੁਲਿਸ ਕਸਟਡੀ ਦੌਰਾਨ ਮੌਤ ਹੋਣ ਨਾਲ ਮਾਮਲਾ ਗੰਭੀਰ ਬਣ ਗਿਆ ਹੈ। ਗਗਨਦੀਪ ਦੇ ਪਰਿਵਾਰਕ ਮੈਂਬਰਾਂ ਨੇ ਕਿਹਾ ਕਿ ਪੁਲਿਸ ਨੇ ਉਹਨਾਂ ਦੇ ਪੁੱਤਰ ਨੂੰ ਬੇਰਹਿਮੀ ਨਾਲ ਕੁੱਟਮਾਰ ਕੀਤੀ, ਜਿਸ ਕਾਰਨ ਉਸਦੀ ਮੌਤ ਹੋਈ।

## ਪੰਜਾਬ 'ਚ ਦਹਿਸ਼ਤ

# ਚੰਡੀਗੜ੍ਹ 'ਚ ਭਾਜਪਾ ਦਫ਼ਤਰ ਦੇ ਬਾਹਰ ਧਮਾਕਾ !



**ਚੰਡੀਗੜ੍ਹ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ 'ਚ ਭਾਜਪਾ ਦੇ ਸੈਕਟਰ-37 ਸਥਿਤ ਦਫਤਰ ਦੇ ਬਾਹਰ ਧਮਾਕਾ ਹੋਣ ਦੀ ਸੂਚਨਾ ਹੈ। ਧਮਾਕੇ ਹੋਣ ਦੀ ਘਟਨਾ ਨਾਲ ਆਸ ਪਾਸ ਦੇ ਲੋਕਾਂ 'ਚ ਹੜਕੰਪ ਮੱਚ ਗਈ ਹੈ। ਘਟਨਾ ਦਾ ਪਤਾ ਲੱਗਣ 'ਤੇ ਪੁਲਿਸ ਪ੍ਰਸ਼ਾਸਨ ਤੇ ਫਾਇਰ ਬਿਗ੍ਰੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚੀਆਂ ਹੋਈਆਂ ਸਨ। ਪੁਲਿਸ ਵੱਲੋਂ ਆਸ ਪਾਸ ਦੇ ਖੇਤਰ 'ਚ ਨਾਕਾਬੰਦੀ ਕੀਤੀ ਗਈ ਹੈ ਅਤੇ ਜਾਂਚ ਕੀਤੀ ਜਾ ਰਹੀ ਹੈ। ਐਸਐਸਪੀ ਚੰਡੀਗੜ੍ਹ ਕੰਵਰਦੀਪ ਕੌਰ ਘਟਨਾ ਦਾ ਮੁਆਇਨਾ ਕਰਨ ਖੁਦ ਮੌਕੇ 'ਤੇ ਪਹੁੰਚੇ ਹੋਏ ਹਨ। ਦੱਸਿਆ ਜਾ ਰਿਹਾ ਹੈ ਕਿ ਦਫਤਰ ਦੇ ਬਾਹਰ ਧਮਾਕੇ ਦੀ ਆਵਾਜ਼ ਸੁਣਾਈ ਦਿੱਤੀ ਸੀ। ਉਨ੍ਹਾਂ ਦੱਸਿਆ ਕਿ ਦਫਤਰ ਦੇ ਬਾਹਰ ਇੱਕ ਐਕਟਿਵਾ ਵਿਖਾਈ ਦੇ ਰਹੀ ਹੈ। ਧਮਾਕੇ ਤੋਂ ਬਾਅਦ ਦਫ਼ਤਰ ਦੀ ਕੰਧ 'ਤੇ ਲਗਭਗ 70 ਤੋਂ 80 ਨਿਸ਼ਾਨ ਵਿਖਾਈ ਦੇ ਰਹੇ ਹਨ। ਇਸ ਦੇ ਨਾ ਹੀ ਇੱਕ ਕਾਰ 'ਤੇ ਵੀ ਇਹ ਨਿਸ਼ਾਨ ਵੇਖੇ ਗਏ ਹਨ ਅਤੇ ਸ਼ੀਸ਼ਾ ਵੀ ਟੁੱਟਿਆ ਹੈ।

## ਇੰਡੀਗੋ ਦੇ ਜਹਾਜ਼ 'ਚ ਮਿਲਿਆ 'ਡੈਂਜਰ' ਲਿਖਿਆ ਕਾਗਜ਼, ਨਾਲ ਬਣੀ ਹੋਈ ਸੀ ਖੋਪੜੀ, ਮਚਿਆ ਹੜਕੰਪ

**ਮੁੰਬਈ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ ਸਭ ਤੋਂ ਵਿਅਸਤ ਹਵਾਈ ਅੱਡਿਆਂ ਵਿੱਚੋਂ ਇੱਕ, ਮੁੰਬਈ ਹਵਾਈ ਅੱਡੇ 'ਤੇ ਸ਼ੱਕੀ ਟਿਸ਼ੂ ਪੇਪਰ ਦੇ ਮਿਲਣ ਨਾਲ ਹਲਚਲ ਮਚਾ ਦਿੱਤੀ ਹੈ। ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਇੱਕ ਬਾਥਰੂਮ ਵਿੱਚ ਮਿਲੇ ਕਾਗਜ਼ 'ਤੇ "ਖ਼ਤਰਾ" ਸ਼ਬਦ ਲਿਖੇ ਹੋਏ ਸਨ। ਦਿਲਚਸਪ ਗੱਲ ਇਹ ਹੈ ਕਿ ਜਹਾਜ਼ ਨੇ ਖੋਜ ਤੋਂ ਥੋੜ੍ਹੀ ਦੇਰ ਬਾਅਦ ਉਡਾਣ ਭਰਨੀ ਸੀ। ਹਾਲਾਂਕਿ, ਨਿਰੀਖਣ ਦੌਰਾਨ ਕੋਈ ਸ਼ੱਕੀ ਵਸਤੂ ਨਹੀਂ ਮਿਲੀ। ਇਸ ਸਮੇਂ ਜਾਂਚ ਜਾਰੀ ਹੈ। ਮੀਡੀਆ ਰਿਪੋਰਟਾਂ ਦੇ ਅਨੁਸਾਰ, ਮੁੰਬਈ ਪੁਲਿਸ ਨੇ ਕਿਹਾ ਹੈ ਕਿ ਇੱਕ ਅਣਪਛਾਤੇ ਵਿਅਕਤੀ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਨੇ ਕਿਹਾ ਕਿ ਮੁੰਬਈ ਹਵਾਈ ਅੱਡੇ 'ਤੇ ਇੰਡੀਗੋ ਦੀ ਇੱਕ ਉਡਾਣ ਦੇ ਟਾਇਲਟ ਵਿੱਚੋਂ ਇੱਕ ਟਿਸ਼ੂ ਪੇਪਰ ਮਿਲਿਆ ਜਿਸ 'ਤੇ 'ਖ਼ਤਰਾ' ਲਿਖਿਆ ਹੋਇਆ ਸੀ, ਜਿਸ ਕਾਰਨ ਸੁਰੱਖਿਆ ਅਲਰਟ ਜਾਰੀ ਹੋ ਗਿਆ।" ਉਨ੍ਹਾਂ ਅੱਗੇ ਕਿਹਾ ਕਿ ਜਹਾਜ਼, ਇੰਡੀਗੋ 911, ਆਪਣੀ ਅਗਲੀ ਉਡਾਣ ਦੀ ਤਿਆਰੀ ਕਰ ਰਿਹਾ ਸੀ। ਮੁੰਬਈ ਪੁਲਿਸ ਅਤੇ ਬੰਬ ਨਿਰੋਧਕ ਦਸਤੇ ਨੇ ਪੂਰੇ ਖੇਤਰ ਦੀ ਤਲਾਸ਼ੀ ਲਈ ਪਰ ਕੋਈ ਸ਼ੱਕੀ ਵਸਤੂ ਨਹੀਂ ਮਿਲੀ। ਇਸ ਮਾਮਲੇ ਵਿੱਚ ਇੱਕ ਅਣਪਛਾਤੇ ਵਿਅਕਤੀ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਅੱਗੇ ਦੀ ਜਾਂਚ ਜਾਰੀ ਹੈ। ਕਾਬਿਲੇਗੌਰ ਹੈ ਕਿ ਸਿਲੀਗੁੜੀ ਦੇ ਬਾਗਡੋਗਰਾ ਤੋਂ ਦਿੱਲੀ ਆ ਰਹੀ ਏਅਰ ਇੰਡੀਆ ਐਕਸਪ੍ਰੈਸ ਦੀ ਇੱਕ ਉਡਾਣ ਨੂੰ ਲਖਨਊ ਦੇ ਚੌਧਰੀ ਚਰਨ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਐਮਰਜੈਂਸੀ ਲੈਂਡਿੰਗ ਕਰਨੀ ਪਈ। ਸੂਤਰਾਂ ਅਨੁਸਾਰ, ਜਹਾਜ਼ ਦੇ ਐਵੀਓਨਿਕਸ ਬੇਅ ਵਿੱਚ ਧੂੰਆਂ ਦੇਖਿਆ ਗਿਆ, ਯਾਨੀ ਕਿ ਉਹ ਹਿੱਸਾ ਜਿੱਥੇ ਜਹਾਜ਼ ਦੇ ਇਲੈਕਟ੍ਰਾਨਿਕ ਉਪਕਰਣ ਰੱਖੇ ਜਾਂਦੇ ਹਨ। ਉਡਾਣ ਦੇ ਕਾਕਪਿਟ ਵਿੱਚ ਧੂੰਆਂ ਦੇਖ ਕੇ, ਪਾਇਲਟ ਨੇ 36,000 ਫੁੱਟ ਦੀ ਉਚਾਈ ਤੋਂ ਮਈਡੇ ਕਾਲ ਕੀਤੀ। ਏਅਰ ਇੰਡੀਆ ਐਕਸਪ੍ਰੈਸ ਦੀ ਉਡਾਣ ਨੰਬਰ ਆਈ. ਐਕਸ-1523 (ਏਅਰਬੱਸ 1320) ਬਾਗਡੋਗਰਾ ਤੋਂ ਦਿੱਲੀ ਜਾ ਰਹੀ ਸੀ।




## ਭਾਜਪਾ 'ਚ ਸ਼ਾਮਲ ਹੋਏ ਸੀਨੀਅਰ ਵਕੀਲ ਐਚ. ਐਸ. ਫੂਲਕਾ

**ਨਵੀਂ ਦਿੱਲੀ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਅਤੇ ਮਨੁੱਖੀ ਅਧਿਕਾਰ ਕਾਰਕੁਨ ਹਰਵਿੰਦਰ ਸਿੰਘ ਫੂਲਕਾ ਬੁੱਧਵਾਰ ਦੁਪਹਿਰ ਨੂੰ ਦਿੱਲੀ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋ ਗਏ ਹਨ। ਇਸ ਕਦਮ ਨੂੰ ਰਾਜਨੀਤਿਕ ਤੌਰ 'ਤੇ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ, ਖਾਸ ਕਰਕੇ ਕਿਉਂਕਿ ਭਾਜਪਾ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਵਿੱਚ ਸਿੱਖ ਅਤੇ ਪੰਥਕ ਸ਼ਖਸੀਅਤਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੀ ਹੈ। ਦੱਸ ਦਈਏ ਕਿ ਐਚ.ਐਸ. ਫੂਲਕਾ ਦਿੱਲੀ ਵਿੱਚ ਪਾਰਟੀ ਵਿੱਚ ਸ਼ਾਮਲ ਹੋਏ ਹਨ। ਇਸ ਦੌਰਾਨ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਉਨ੍ਹਾਂ ਨੂੰ ਪਾਰਟੀ ਦੀ ਪੱਗ ਭੇਟ ਕੀਤੀ। ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਵੀ ਮੌਜੂਦ ਰਹੇ ਸੀ। ਰਾਜਨੀਤੀ ਵਿਸ਼ਲੇਸ਼ਣ ਐਚਐਸ ਫੂਲਕਾ ਨੇ ਬੀਜੇਪੀ 'ਚ ਸ਼ਾਮਲ ਹੋਣ ਮਗਰੋਂ ਆਮ ਆਦਮੀ ਪਾਰਟੀ 'ਤੇ ਹਮਲਾ ਕੀਤਾ। ਉਨ੍ਹਾਂ ਨੇ ਕਿਹਾ ਕਿ ਸਾਲ 2014 'ਚ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਕੇ ਉਨ੍ਹਾਂ ਨੇ ਗਲਤੀ ਕੀਤੀ। ਹਾਥੀ ਦੇ ਦੰਦ ਖਾਣ ਦੇ ਹੋਰ ਅਤੇ ਦਿਖਾਉਣ ਦੇ ਹੋਰ ਹੁੰਦੇ ਹਨ। ਅੱਜ ਜੋ ਪੰਜਾਬ ਦਾ ਹਾਲ ਹੈ ਦੇਖ ਕੇ ਦੁੱਖ ਹੁੰਦਾ ਹੈ। ਡਰੱਗ, ਗੈਂਗਸਟਰਵਾਦ ਦਾ ਪੰਜਾਬ 'ਚ ਬੋਲਬਾਲਾ ਹੈ। ਉੱਥੇ ਹੀ ਜੇਕਰ ਐਚਐਸ ਫੂਲਕਾ ਦੇ ਹੁਣ ਤੱਕ ਦੇ ਸਿਆਸੀ ਸਫਰ ਦੀ ਗੱਲ ਕਰੀਏ ਤਾਂ ਸਾਲ 2014-2015 ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸੀ। 2015 ਵਿੱਚ ਦਿੱਲੀ ਵਿੱਚ 'ਆਪ' ਦੀ ਸਰਕਾਰ ਬਣਨ ਤੋਂ ਬਾਅਦ ਉਹ ਪਾਰਟੀ ਦੀਆਂ ਪ੍ਰਮੁੱਖ ਹਸਤੀਆਂ ਵਿੱਚੋਂ ਇੱਕ ਬਣ ਗਏ। ਪੰਜਾਬ ਖ਼ਬਰਾਂ 2017 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ, ਉਹ 'ਆਪ' ਦੀ ਟਿਕਟ 'ਤੇ ਦਾਖਾ (ਲੁਧਿਆਣਾ) ਤੋਂ ਵਿਧਾਇਕ ਚੁਣੇ ਗਏ। ਪਾਰਟੀ ਨੇ ਉਨ੍ਹਾਂ ਨੂੰ ਵਿਰੋਧੀ ਧਿਰ ਦਾ ਨੇਤਾ ਨਿਯੁਕਤ ਕੀਤਾ। ਉਨ੍ਹਾਂ ਨੇ ਬਰਗਾੜੀ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਅਤੇ ਹੋਰ ਸਿੱਖ ਮੁੱਦਿਆਂ ਦਾ ਮੁੱਦਾ ਪੰਜਾਬ ਵਿਧਾਨ ਸਭਾ ਵਿੱਚ ਚੁੱਕਿਆ।



ਆਵਾਜ਼ਿ ਕੌਮ
AWAZE QAUM
International Newspaper & WEB TV

## ਸ੍ਰੀ ਅਕਾਲ ਤਖਤ ਸਾਹਿਬ ਨੂੰ ਲਿਖੀ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਚਿੱਠੀ 'ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਵੱਡਾ ਬਿਆਨ

**ਪਟਿਆਲਾ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਜੇਲ੍ਹ ਵਿੱਚ ਬੰਦ ਬਲਵੰਤ ਸਿੰਘ ਰਾਜੋਆਣਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਲਿਖੀ ਗਈ ਚਿੱਠੀ ਤੋਂ ਬਾਅਦ ਸਿੱਖ ਸਿਆਸਤ ਵਿੱਚ ਹਲਚਲ ਤੇਜ਼ ਹੋ ਗਈ ਹੈ। ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਪੱਸ਼ਟ ਕੀਤਾ ਹੈ ਕਿ ਸ਼੍ਰੋਮਣੀ ਕਮੇਟੀ ਪੂਰੀ ਤਰ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਕਰੇਗੀ। ਐਡਵੋਕੇਟ ਧਾਮੀ ਨੇ ਦੱਸਿਆ ਕਿ ਰਾਜੋਆਣਾ ਵੱਲੋਂ ਭੇਜੀ ਗਈ ਚਿੱਠੀ ਜਥੇਦਾਰ ਸਾਹਿਬ ਨੂੰ ਮਿਲ ਚੁੱਕੀ ਹੈ। ਉਨ੍ਹਾਂ ਯਾਦ ਕਰਵਾਇਆ ਕਿ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਵਿਰੁੱਧ ਜੋ ਮਰਸੀ ਪਟੀਸ਼ਨ (ਰਹਿਮ ਦੀ ਅਪੀਲ) ਪਾਈ ਗਈ ਸੀ, ਉਹ ਵੀ ਉਸ ਵੇਲੇ ਦੇ ਸਿੰਘ ਸਾਹਿਬਾਨ ਅਤੇ ਜਥੇਦਾਰ ਸਾਹਿਬ ਵੱਲੋਂ ਦਿੱਤੀਆਂ ਗਈਆਂ ਹਦਾਇਤਾਂ 'ਤੇ ਹੀ ਅਧਾਰਿਤ ਸੀ। ਸ਼੍ਰੋਮਣੀ ਕਮੇਟੀ ਦਾ ਕਹਿਣਾ ਹੈ ਕਿ ਰਾਜੋਆਣਾ ਦੀ ਰਿਹਾਈ ਅਤੇ ਪਟੀਸ਼ਨ ਵਾਪਸ ਲੈਣ ਜਾਂ ਨਾ ਲੈਣ ਸਬੰਧੀ ਜੋ ਵੀ ਫੈਸਲਾ ਹੁਣ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲਿਆ ਜਾਵੇਗਾ, ਕਮੇਟੀ ਉਸ 'ਤੇ ਤੁਰੰਤ ਅਮਲ ਕਰੇਗੀ। ਧਾਮੀ ਨੇ ਕਿਹਾ ਕਿ ਇਹ ਮਾਮਲਾ ਕੌਮ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਸਿੱਖ ਪੰਥ ਦੀ ਸਰਵਉੱਚ ਸੰਸਥਾ ਵੱਲੋਂ ਜੋ ਵੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣਗੇ, ਸ਼੍ਰੋਮਣੀ ਕਮੇਟੀ ਉਨ੍ਹਾਂ ਨੂੰ ਪੂਰੀ ਸੰਜੀਦਗੀ ਨਾਲ ਲਾਗੂ ਕਰਨ ਲਈ ਵਚਨਬੱਧ ਹੈ। ਫਿਲਹਾਲ ਸਭ ਦੀਆਂ ਨਜ਼ਰਾਂ ਜਥੇਦਾਰ ਸਾਹਿਬ ਦੇ ਅਗਲੇ ਕਦਮ 'ਤੇ ਟਿਕੀਆਂ ਹੋਈਆਂ ਹਨ।





### ਭਾਈ ਰਾਜੋਆਣਾ ਨੇ ਚਿੱਠੀ 'ਚ ਕੀ ਬੇਨਤੀ ਕੀਤੀ ?

ਦੱਸ ਦਈਏ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਨੇ ਸ਼੍ਰੋਮਣੀ ਕਮੇਟੀ ਵੱਲੋਂ ਆਪਣੀ ਸਜ਼ਾ ਮੁਆਫੀ (ਰਹਿਮ ਦੀ ਅਪੀਲ) ਲਿਖੀ ਅਰਜ਼ੀ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਇੱਕ ਚਿੱਠੀ ਰਾਹੀਂ ਵਾਪਸ ਲੈਣ ਲਈ ਹੁਕਮ ਜਾਰੀ ਕਰਨ ਲਈ ਕਿਹਾ ਹੈ। ਭਾਈ ਰਾਜੋਆਣਾ ਨੇ ਆਪਣੀ ਚਿੱਠੀ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਲਿਖਿਆ ਹੈ ਕਿ ਉਨ੍ਹਾਂ ਨੂੰ ਜੇਲ੍ਹ 'ਚ ਬੈਠਿਆਂ 30 ਸਾਲ ਤੋਂ ਵੱਧ ਦਾ ਹੋਇਆ ਸਮਾਂ ਅਤੇ ਹੁਣ ਸ਼੍ਰੋਮਣੀ ਕਮੇਟੀ ਵੱਲੋਂ ਲਿਖੀ ਇਹ ਅਪੀਲ/ਅਰਜ਼ੀ ਕੌਮੀ ਅਪਮਾਨ ਦਾ ਪ੍ਰਤੀਕ ਬਣ ਚੁੱਕੀ ਹੈ। ਭਾਈ ਰਾਜੋਆਣਾ ਨੇ ਆਪਣੀ ਚਿੱਠੀ 'ਚ ਸ੍ਰੀ ਅਕਾਲ ਤਖਤ ਸਾਹਿਬ ਨੂੰ ਅਪੀਲ ਵਾਪਸ ਲਈ 10 ਦਿਨਾਂ 'ਚ ਕਾਰਵਾਈ ਪੂਰੀ ਕਰਵਾਉਣ ਦੀ ਬੇਨਤੀ ਕੀਤੀ। ਉਨ੍ਹਾਂ ਕਿਹਾ ਕਿ ਰਾਸ਼ਟਰਪਤੀ ਕੋਲ ਪਾਈ ਸ਼੍ਰੋਮਣੀ ਕਮੇਟੀ ਦੀ ਅਰਜ਼ੀ 'ਤੇ ਸਿਰਫ਼ ਸਿਆਸਤ ਹੋ ਰਹੀ ਹੈ, ਕਿਉਂਕਿ ਅੱਜ 14 ਸਾਲ ਬੀਤਣ ਤੋਂ ਬਾਅਦ ਵੀ ਕੇਂਦਰੀ ਗ੍ਰਹਿ ਮੰਤਰਾਲੇ ਨੇ ਕੋਈ ਫੈਸਲਾ ਨਹੀਂ ਲਿਆ ਹੈ।

## ਜੰਗ 'ਚ ਸ਼ਾਮਲ ਨਹੀਂ ਹੋਵੇਗਾ ਬ੍ਰਿਟੇਨ ! ਟਰੰਪ ਦਾ ਸਾਥ ਦੇਣ ਤੋਂ ਸਟਾਰਮਰ ਨੇ ਕੀਤਾ ਇਨਕਾਰ

**ਲੰਡਨ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਾਰਾ ਪੱਛਮੀ ਏਸ਼ੀਆ ਜੰਗ ਦੀ ਅੱਗ 'ਚ ਸੜ ਰਿਹਾ ਹੈ। ਇਜ਼ਰਾਈਲ ਅਤੇ ਅਮਰੀਕਾ ਨੇ ਮਿਲ ਕੇ ਪਹਿਲਾਂ ਈਰਾਨ 'ਤੇ ਹਮਲਾ ਕੀਤਾ। ਬਦਲੇ ਵਿੱਚ ਈਰਾਨ ਨੇ ਸਾਰੇ ਗੁਆਂਢੀ ਦੁਸ਼ਮਣ ਦੇਸ਼ਾਂ ਨੂੰ ਨਿਸ਼ਾਨਾ ਬਣਾਇਆ। ਇਸ ਦੌਰਾਨ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਪਣੇ ਸਹਿਯੋਗੀਆਂ ਨੂੰ ਮਦਦ ਦੀ ਅਪੀਲ ਕੀਤੀ। ਹਾਲਾਂਕਿ, ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਈਰਾਨ ਯੁੱਧ ਵਿੱਚ ਸ਼ਾਮਲ ਨਾ ਹੋਣ ਦੇ ਆਪਣੇ ਸਟੈਂਡ 'ਤੇ ਅੜੇ ਹੋਏ ਹਨ। ਦਰਅਸਲ, ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਇੱਕ ਵੱਡਾ ਅਤੇ ਸਖ਼ਤ ਫੈਸਲਾ ਲਿਆ ਹੈ। ਪ੍ਰਧਾਨ ਮੰਤਰੀ ਸਟਾਰਮਰ ਨੇ ਕਿਹਾ ਕਿ ਬ੍ਰਿਟੇਨ ਈਰਾਨ ਵਿਰੁੱਧ ਅਮਰੀਕਾ ਅਤੇ ਇਜ਼ਰਾਈਲ ਦੁਆਰਾ ਕਿਸੇ ਵੀ ਫੌਜੀ ਮੁਹਿੰਮ ਵਿੱਚ ਹਿੱਸਾ ਨਹੀਂ ਲਵੇਗਾ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਇਹ ਸਾਡੀ ਲੜਾਈ ਨਹੀਂ ਹੈ।



ਬ੍ਰਿਟਿਸ਼ ਪ੍ਰਧਾਨ ਮੰਤਰੀ ਨੇ ਕਿਹਾ ਕਿ 'ਇਹ ਸਪੱਸ਼ਟ ਹੁੰਦਾ ਜਾ ਰਿਹਾ ਹੈ ਕਿ ਯੂਕੇ ਦੇ ਲੰਬੇ ਸਮੇਂ ਦੇ ਹਿੱਤਾਂ ਲਈ ਯੂਰਪ ਨਾਲ ਡੂੰਘੇ ਸਬੰਧਾਂ ਦੀ ਲੋੜ ਹੈ।' ਉਨ੍ਹਾਂ ਅੱਗੇ ਕਿਹਾ ਕਿ 'ਈਰਾਨ ਯੁੱਧ ਸਾਡਾ ਨਹੀਂ ਹੈ।' ਬ੍ਰਿਟਿਸ਼ ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ 'ਸਾਡੀ ਸੁਰੱਖਿਆ ਨੂੰ ਮਜ਼ਬੂਤ ? ?ਕਰਨ ਅਤੇ ਰਹਿਣ-ਸਹਿਣ ਦੀ ਲਾਗਤ ਘਟਾਉਣ' ਦੇ ਮੌਕੇ 'ਇੰਨੇ ਜ਼ਿਆਦਾ ਹਨ ਕਿ ਉਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।' ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਨੇੜਲੇ ਭਵਿੱਖ ਵਿੱਚ ਯੂਰਪੀ ਸੰਘ ਦੇ ਸਹਿਯੋਗੀਆਂ ਨਾਲ ਇੱਕ ਸਿਖਰ ਸੰਮੇਲਨ ਹੋਵੇਗਾ। ਬ੍ਰਿਟਿਸ਼ ਪ੍ਰਧਾਨ ਮੰਤਰੀ ਦਾ ਇਹ ਬਿਆਨ ਅਮਰੀਕਾ ਲਈ ਇੱਕ ਵੱਡਾ ਝਟਕਾ ਹੈ, ਜਿਸਨੂੰ ਅਜੇ ਤੱਕ ਈਰਾਨ ਯੁੱਧ ਵਿੱਚ ਕਿਸੇ ਵੀ ਨਾਟੋ ਮੈਂਬਰ ਦੇਸ਼ ਤੋਂ ਸਮਰਥਨ ਨਹੀਂ ਮਿਲਿਆ ਹੈ। ਟਰੰਪ ਨੇ ਇਸ ਮੁੱਦੇ 'ਤੇ ਨਾਟੋ ਦੇਸ਼ਾਂ ਨੂੰ ਵੀ ਨਿਸ਼ਾਨਾ ਬਣਾਇਆ ਹੈ। ਰਾਸ਼ਟਰਪਤੀ ਟਰੰਪ ਕੱਲ੍ਹ ਸਵੇਰੇ ਇੱਕ ਪ੍ਰੈਸ ਕਾਨਫਰੰਸ ਵੀ ਕਰਨ ਵਾਲੇ ਹਨ। -ਉਨ੍ਹਾਂ ਦਾ ਇਹ ਫੈਸਲਾ ਉਸ ਸਮੇਂ ਆਇਆ ਜਦੋਂ ਬ੍ਰਿਟੇਨ 'ਤੇ ਨਾਟੋ ਸਹਿਯੋਗੀਆਂ ਵੱਲੋਂ ਯੁੱਧ ਵਿੱਚ ਸ਼ਾਮਲ ਹੋਣ ਲਈ ਸਖ਼ਤ ਦਬਾਅ ਸੀ। ਪ੍ਰਧਾਨ ਮੰਤਰੀ ਨੇ ਸਪੱਸ਼ਟ ਕੀਤਾ ਕਿ ਉਹ ਦੇਸ਼ ਦੀ ਫੌਜ ਨੂੰ ਕਿਸੇ ਵੀ ਅਜਿਹੇ ਹਮਲੇ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਨਹੀਂ ਦੇਣਗੇ ਜੋ ਬ੍ਰਿਟੇਨ ਦੇ ਰਾਸ਼ਟਰੀ ਹਿੱਤਾਂ ਨੂੰ ਨੁਕਸਾਨ ਪਹੁੰਚਾਏ। ਇਤਿਹਾਸ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਬ੍ਰਿਟੇਨ ਨੇ ਇਰਾਕ ਯੁੱਧ ਵਰਗੀਆਂ ਪਿਛਲੀਆਂ ਗਲਤੀਆਂ ਤੋਂ ਬਹੁਤ ਕੁਝ ਸਿੱਖਿਆ ਹੈ ਅਤੇ ਉਨ੍ਹਾਂ ਨੂੰ ਦੁਹਰਾਉਣਾ ਨਹੀਂ ਚਾਹੁੰਦਾ ਸੀ।

ੴ ਸਤਿਗੁਰ ਪ੍ਰਸਾਦਿ

ਗੁਰਮੁਖਿ ਜਨਮ ਸਵਾਰ ਦਰਗਹਿ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ॥

# ਪਹਿਲੀ ਬਰਸੀ ਦਾ ਸਮਾਗਮ

# First Barsi (First Anniversary Memorial Service)



## ਸਵ. ਬੀਬੀ ਹਰਪ੍ਰੀਤ ਕੌਰ ਬੱਲ

## Sardani Harpreet Kaur Bal

ਪੰਥਕ ਹਲਕਿਆਂ ਵਿੱਚ ਜਾਣੀ-ਪਹਿਚਾਣੀ ਸ਼ਖਸ਼ੀਅਤ ਅਤੇ Sikh Federation (UK) ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਜੀ ਦੀ ਸਿੰਘਣੀ ਬੀਬੀ ਹਰਪ੍ਰੀਤ ਕੌਰ ਬੱਲ ਜੀ, ਜੋ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਪਵਿੱਤਰ ਯਾਦ ਵਿੱਚ ਪਹਿਲੀ ਬਰਸੀ ਦਾ ਸਮਾਗਮ ਮਨਾਇਆ ਜਾ ਰਿਹਾ ਹੈ।

**ਤਾਰੀਖ: 5 ਅਪ੍ਰੈਲ 2026 (ਦਿਨ ਐਤਵਾਰ)**

**ਸਮਾਂ: ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ**

ਸਥਾਨ: Gurdwara Sri Guru Singh Sabha, Park Avenue, Southall.
(ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪਾਰਕ ਐਵਨਿਊ, ਸਾਊਥਾਲ)

•ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ •ਗੁਰਬਾਣੀ ਕੀਰਤਨ •ਅਰਦਾਸ

• ਸਮਾਗਮ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਣਗੇ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਬੀਬੀ ਹਰਪ੍ਰੀਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ ਹੋ ਰਹੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋ ਕੇ ਅਸੀਸਾਂ ਦੇ ਭਾਗੀ ਬਣੋ ਜੀ।

**ਬੇਨਤੀ ਕਰਤਾ:**

**ਹਰਮੀਤ ਸਿੰਘ ਬੱਲ, ਜਗਜੀਤ ਕੌਰ ਬੱਲ, ਭਵਨਪ੍ਰੀਤ ਕੌਰ ਸੰਧੂ**

By the Grace of the True Guru
First Barsi (First Anniversary Memorial Service)
In loving memory of our beloved mother
Sardani Harpreet Kaur Bal
We humbly invite you to join us for a memorial service in her cherished memory.

**Sunday, 5th April 2026, 12:00 noon – 2:00 pm**

Programme:
* Sri Sukhmani Sahib Path, * Gurbani Kirtan * Ardas
* Followed by Guru Ka Langar

Venue : Gurdwara Sri Guru Singh Sabha, Park Avenue, Southall, Middlesex

Your presence with family and friends will be deeply appreciated as we gather to remember and honour her life.

**With humble request from:**

**Harmeet Singh Bal, Jagjeet Kaur Bal, Bhavanpreet Kaur Sandhu**

**Contact: +44 7771 608363**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ | Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਪੁਰਾਤਨ ਸਮੇਂ ਚ ਵਿਆਹ ਸਮਾਗਮ ਮੌਕੇ ਪੰਜਾਬ ਦੇ ਲੋਕ ਮੰਜੇ ਬਿਸਤਰੇ ਇਕੱਠੇ ਕਰਦੇ ਸਨ ਪਰ ਅੱਜ ਕੱਲ੍ਹ ਸਿਲੰਡਰ ਇਕੱਠੇ ਕਰਨੇ ਪੈਂਦੇ

# ਮੌਡਰਨ ਜਮਾਨੇ ਚ ਅਲੋਪ ਹੋ ਗਈਆਂ ਪੁਰਾਤਨ ਵਿਰਸੇ ਦੀਆਂ ਤੰਦਾਂ



**ਜੰਡਿਆਲਾ ਗੁਰੂ, 1 ਅਪ੍ਰੈਲ (ਕੁਲਵੰਤ ਸਿੰਘ ਵਿਰਦੀ )**-ਸਮਾਂ ਬਦਲਿਆ, ਰਿਵਾਜ਼ ਬਦਲੇ ,ਖਾਣਾ ਪੀਣਾ ਬਦਲਿਆ ,ਵਿਰਸਾ ਬਦਲਿਆ, ਪਹਿਰਾਵਾ ਬਦਲਿਆ, ਸਮੇਂ ਦੇ ਨਾਲ ਨਾਲ ਸਭ ਕੁਝ ਹੀ ਬਦਲਦਾ ਗਿਆ ਪਰ ਇਨਸਾਨ ਨੂੰ ਸਮੇਂ ਦੇ ਨਾਲ ਚਲਣਾ ਪੈਦਾ ਹੈ , ਥੋੜੇ ਕੁ ਸਾਲਾਂ ਚ ਮੋਡਰਨ ਜਮਾਨੇ ਦੀ ਰਫਤਾਰ ਨੇ ਐਸਾ ਜੋਰ ਫੜਿਆ ਕਿ ਪੁਰਾਤਨ ਸੱਭਿਆਚਾਰ ਨੂੰ ਇਨਸਾਨ ਵਿਸਾਰਦਾ ਗਿਆ ਪਰ ਹਕੀਕਤ ਵਿਚ ਆਪਣੇ ਪੰਜਾਬੀ ਵਿਰਸੇ ਪੰਜਾਬੀ ਪਹਿਰਾਵੇ ਪੰਜਾਬੀ ਬੋਲੀ ਪੁਰਾਣਾ ਕਲਚਰ, ਇਹਨਾਂ ਸਭ ਚੀਜ਼ਾਂ ਨੂੰ ਵਿਸਾਰਨਾ ਨਹੀਂ ਚਾਹੀਦਾ ਇੱਥੇ ਹੀ ਜੇਕਰ ਪੁਰਾਤਨ ਸਮੇਂ ਵਿੱਚ ਵਿਆਹ ਕਾਰਜਾਂ ਦੀ ਗੱਲ ਕਰੀਏ ਤਾਂ ਉਸ ਸਮੇਂ ਅੱਠ ਦੱਸ ਦਿਨ ਵਿਆਹ ਦਾ ਕਾਰਜ ਚਲਦਾ ਸੀ ਅਤੇ ਸਵੇਰ ਦੀ ਚਾਹ ਨਾਲ ਅਤੇ ਬਰਾਤ ਦੀ ਸੇਵਾ ਲਈ ਕਈ ਕੁਇੰਟਲ ਬੂੰਦੀ ਤਿਆਰ ਕੀਤੀ ਜਾਂਦੀ ਸੀ ਅਤੇ ਕਾਰਜ ਸਮੇਂ ਆਏ ਰਿਸਤੇਦਾਰਾਂ ਦੇ ਸੌਣ ਲਈ ਮੰਜੇ ਬਿਸਤਰੇ ਇਕੱਠੇ ਕਰਨੇ ਪੈਂਦੇ ਸਨ ਪਰ ਜੇਕਰ ਅੱਜ ਕੱਲ੍ਹ ਦੇ ਮੋਡਰਨ ਜਮਾਨੇ ਦੀ ਗੱਲ ਕਰੀਏ ਤਾਂ ਅੱਜ ਕੱਲ੍ਹ ਵਿਆਹ ਕਾਰਜਾਂ ਖੁਸੀ ਦੇ ਮੌਕੇ ਸਿਲੰਡਰ ਇਕੱਠੇ ਕਰਨੇ ਪੈਂਦੇ ਹਨ , ਅਤੇ ਅੱਜ ਕੱਲ੍ਹ ਲੱਖਾਂ ਰੁਪਏ ਖਰਚ ਕਿ ਵੀ ਪੁਰਾਤਨ ਵਿਰਸੇ ਦੇ ਇਕੱਠ ਤੇ ਪਿਆਰ ਵਰਗਾ ਮਾਹੌਲ ਨਹੀਂ ਸਿਰਜਿਆ ਜਾ ਸਕਦਾ ਪਰ ਯਾਦ ਜਰੂਰ ਕੀਤਾ ਜਾ ਸਕਦਾ ਜੇਕਰ ਪੁਰਾਤਨ ਵਿਰਸੇ ਦੀਆਂ ਯਾਦਾਂ ਤੇ ਹੋਰ ਝਾਤ ਮਾਰੀਏ ਤਾਂ ਪੁਰਾਣੇ ਸਮੇਂ ਵਿੱਚ ਵਿਆਹ ਤੋਂ ਕੁਝ ਦਿਨ ਪਹਿਲਾਂ ਹੀ ਲੋਕ ਕੱਚਿਆਂ ਕੋਠਿਆਂ ਨੂੰ ਮਿੱਟੀ ਅਤੇ ਪਸ਼ੂਆਂ ਦੇ ਗੋਹੇ ਨਾਲ ਲਿੰਬਦੇ ਹੁੰਦੇ ਸੀ ਅਤੇ ਉਸ ਵਕਤ ਘਰ ਨੂੰ ਤੇ ਗੋਹੇ ਨਾਲ ਲਿੰਬਣਾ ਇੱਕ ਸਗਨ ਵੀ ਸਮਝਿਆ ਜਾਂਦਾ ਸੀ।, ਪਰ ਅੱਜ ਕੱਲ੍ਹ ਦੀ ਗੱਲ ਕਰੀਏ ਤਾਂ ਅੱਜ ਕੱਲ੍ਹ ਤਾਂ ਛੇ ਮਹੀਨੇ ਪਹਿਲਾਂ ਹੀ ਪੈਲਸ ਬੁੱਕ ਕਰਨੇਂ ਪੈਂਦੇ ਹਨ।, ਅਤੇ ਹੁਣ ਦੇ ਵਿਆਹ ਸਮਾਗਮ ਮੌਕੇ ਪੁਰਾਣੇ ਵਿਆਹ ਦੀ ਇੱਕ ਬਹੁਤ ਹੀ ਅਭੁੱਲ ਯਾਦ ਚੇਤੇ ਆਉਂਦੀ ਹੈ।, ਕਿ ਕੱਚੇ ਕੋਠੇ ਦੇ ਉੱਪਰ ਮੰਜੇ ਦੇ ਉੱਪਰ ਟੰਗਿਆ ਸਪੀਕਰ ਅਤੇ ਦੂਸਰਾ ਸਰੀਕੇ ਭਾਈਚਾਰੇ ਵਿੱਚ ਆਏ ਗਏ ਮਹਿਮਾਨਾਂ ਵਾਸਤੇ ਮੰਜੇ ਬਿਸਤਰੇ ਇਕੱਠੇ ਕਰਨਾ, ਉਹ ਸਮਾਂ ਹੀ ਇੱਕ ਨਿਰਾਲਾ ਅੰਦਾਜ਼ ਸੀ ਜਦੋਂ ਵਿਆਹ ਵਾਲੇ ਘਰ ਵਿੱਚ ਚਾਰ ਪੰਜ ਲੜਕੇ ਸਰੀਕੇ ਭਾਈਚਾਰੇ ਵਿੱਚ ਮੰਜੇ ਬਿਸਤਰੇ ਇਕੱਠੇ ਕਰਦੇ ਹੁੰਦੇ ਸਨ।, ਤਾਂ ਉਨਾਂ ਨੇ ਹਰ ਬਿਸਤਰੇ ਦੀ ਕੰਨੀ ਉੱਤੇ ਘਰ ਵਾਲਿਆਂ ਦਾ ਨਾਂ ਲਿਖਣਾ ਜੋ ਇੱਕ ਵੱਖਰਾ ਅੰਦਾਜ਼ ਹੁੰਦਾ ਸੀ।, ਅਤੇ ਚਾਰ ਪੰਜ ਘਰਾਂ ਦੇ ਬਿਸਤਰੇ ਇਕੱਠੇ ਕਰਕੇ ਵਿਆਹ ਵਾਲੇ ਘਰ ਛੱਡ ਕੇ ਫਿਰ ਵਾਪਸ ਆਪਣੇ ਉਹੀ ਕੰਮ ਤੇ ਰੋਜੀ ਜਾਂਦੇ ਸਨ।, ਤੇ ਸਾਰਿਆਂ ਤੋ ਵੱਧ ਹਾਸੋਹੀਣਾ ਕੰਮ ਉਦੋਂ ਹੁੰਦਾ ਸੀ ਜਦੋਂ ਵਿਆਹ ਭੁਗਤਨ ਤੋਂ ਬਾਅਦ ਘਰਾਂ ਵਾਲੇ ਬਿਸਤਰੇ ਲੈਣ ਆਉਂਦੇ ਸਨ ਤਾਂ ਬਿਸਤਰਿਆਂ ਦੀ ਹਾਲਤ ਵੇਖ ਕੇ ਹਾਸਾ ਪੈ ਜਾਂਦਾ ਸੀ ਕਿ ਕਿਸੇ ਦੇ ਬਿਸਤਰੇ ਤੇ ਸਬਜੀ ਡੁਲੀ ਹੁੰਦੀ ਸੀ ਤੇ ਕਿਸੇ ਦੇ ਬਿਸਤਰੇ ਤੇ ਜਵਾਕਾਂ ਨੇ ਬਾਥਰੂਮ ਕੀਤਾ ਹੁੰਦਾ ਸੀ।,ਅਤੇ ਉਸ ਟਾਈਮ ਤੇ ਇੱਕ ਦੂਜੇ ਦੇ ਬਿਸਤਰੇ ਵੀ ਰਲ ਜਾਂਦੇ ਸਨ ਅਤੇ ਜਦੋਂ ਲੱਭਦੇ ਹੁੰਦੇ ਸਨ ਤਾਂ ਉਹ ਸਮਾਂ ਉਹ ਮੌਕਾ ਬਹੁਤ ਹੀ ਯਾਦਗਾਰ ਚੀਜ਼ ਬਣ ਗਈ ਹੈ ਹੁਣ ਦੇ ਸਮੇਂ ਵਿੱਚ, ਪਰ ਅੱਜ ਕੱਲ੍ਹ ਤਾਂ ਇਹ ਸਭ ਚੀਜ਼ਾਂ ਵਿਸਰ ਗਈਆਂ ਹਨ ਹੁਣ ਤਾਂ ਬਸ ਮੰਜੇ ਬਿਸਤਰੇ ਇਕੱਠੇ ਕਰਨ ਦੀ ਬਜਾਏ ਲੋਕ ਵਿਆਹ ਸਮਾਗਮ ਤੋਂ ਮਹੀਨਾ ਦੋ ਮਹੀਨੇ ਪਹਿਲਾਂ ਹੀ ਰੋਟੀ ਪਕਵਾਨ ਬਣਾਉਣ ਵਾਸਤੇ ਸਿਲੰਡਰ ਇਕੱਠੇ ਕਰਨ ਲੱਗ ਪੈਂਦੇ ਹਨ, ਜੋ ਕਿ ਸਮੇਂ ਦੀ ਮੁੱਖ ਲੋੜ ਵੀ ਹੈ!

ਸੇਵਾ ਮੁਕਤੀ ’ਤੇ ਵਿਸ਼ੇਸ਼

# ਬੇਦਾ.ਗ ਚਿੱਟੀ ਚਾਦਰ ਲੈ ਕੇ ਸੇਵਾ ਮੁਕਤ ਹੋਏ ਲੈਕਚਰਾਰ ਦਿਲਬਾਗ ਸਿੰਘ : ਗੁਰਪ੍ਰੀਤ ਸਿੰਘ

**ਆਹ ਲੈ ਮਾਏਂ ਸਾਂਭ ਕੁੰਜੀਆਂ,**
**ਧੀਆਂ ਕਰ ਚਲੀਆਂ ਸਰਦਾਰੀ**



ਇਹ ਗੀਤ ਲੈਕਚਰਾਰ ਸਰਦਾਰ ਦਿਲਬਾਗ ਸਿੰਘ ਦੀ ਕਾਰਜਕੁਸ਼ਲਤਾ ‘ਤੇ ਪੂਰਾ ਢੁਕਦਾ ਹੈ। ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਡਾਲਾ ਵਿਖੇ ਆਪਣੇ ਅਧਿਆਪਨ ਦੇ ਸਫ਼ਰ ਨੂੰ ਖਤਮ ਕਰਕੇ ਹਸਦੇ ਵਸਦੇ ਸਿੱਖਿਆ ਵਿਭਾਗ ਦੇ ਪਰਿਵਾਰ ਨੂੰ ਸੰਭਾਲ ਕੇ ਆਪਣੇ ਸੇਵਾ ਮੁਕਤ ਅਧਿਕਾਰੀਆਂ ਕਰਮਚਾਰੀਆਂ ਦੇ ਪਰਿਵਾਰ ਵਿੱਚ ਸ਼ਾਮਲ ਹੋ ਰਹੇ ਹਨ॥ ਵਰਤਮਾਨ ਭਰਿਸ਼ਟ ਸਿਆਸੀ ਅਤੇ ਅਫ਼ਸਰਸ਼ਾਹੀ ਦੇ ਤੇਜ ਤਰਾਰ ਨਿਜ਼ਾਮ ਵਿੱਚ ਕਿਸੇ ਅਧਿਕਾਰੀ/ਕਰਮਚਾਰੀ ਦਾ ਬੇਦਾਗ਼ ਸੇਵਾ ਮੁਕਤ ਹੋ ਜਾਣਾ ਮਾਣ ਦੀ ਗੱਲ ਹੈ ।ਸੇਵਾ-ਮੁਕਤੀ ਇੱਕ ਅਜਿਹਾ ਅਹਿਸਾਸ ਹੈ ਜੋ ਸਿਰਫ਼ ਉਨ੍ਹਾਂ ਚਿਹਰਿਆਂ ’ਤੇ ਝਲਕਦਾ ਹੈ ਜਿਸਨੂੰ ਆਪਣੇ ਕਾਰਜ-ਕਾਲ ਦੌਰਾਨ ਦਿੱਤੇ ਯੋਗਦਾਨ ਉੱਤੇ ਰੱਜਵੀਂ ਤਸੱਲੀ ਅਤੇ ਫ਼ਖ਼ਰ ਹੋਵੇ। ਦਰਅਸਲ ਸੇਵਾ-ਮੁਕਤੀ ਜ਼ਿੰਦਗੀ ਦੇ 29-30 ਸਾਲ ਲੰਮੇ ਸਫ਼ਰ ਦੀ ਰੌਚਕ ਕਹਾਣੀ ਦਾ ਸੁਆਦਲਾ ਅੰਤ ਹੈ।

ਆਪ ਜੀ ਦਾ ਜਨਮ 02 ਦਸੰਬਰ 1967 ਨੂੰ ਮਨਸੂਰਵਾਲ ਬੇਟ ਚ ਹੋਇਆ॥ ਆਪ ਜੀ ਨੇ 13 ਦਸੰਬਰ 1997 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਤੋਂ ਬਤੌਰ ਪੰਜਾਬੀ ਅਧਿਆਪਕ ਦੇ ਸਫ਼ਰ ਦੀ ਸ਼ੁਰੂਆਤ ਕੀਤੀ॥

ਡਿਊਟੀ ਦੌਰਾਨ ਇਹਨਾਂ ਨੇ ਕੰਮ ਨੂੰ ਕਦੇ ਵੀ ਜਵਾਬ ਨਹੀਂ ਦਿੱਤਾ। ਆਪ ਡਿਊਟੀ ਅਤੇ ਸਮੇਂ ਦੇ ਪੂਰੇ ਪਾਬੰਦ ਹਨ। ਡਿਊਟੀ ਤੋਂ ਕਦੇ ਵੀ ਲੇਟ ਨਾ ਹੋਣਾ ਇਹਨਾਂ ਦੀ ਸਿਰੜੀ ਸੋਚ ਦਾ ਪ੍ਰਤੀਕ ਹੈ।ਆਪ ਜੀ ਦੀਆਂ ਅਨੇਕਾਂ ਪ੍ਰਾਪਤੀਆਂ ਹਨ। ਜਿੰਨਾਂ ਦਾ ਵਰਨਣ ਸ਼ਬਦਾਂ ਰਾਂਹੀ ਕਰਨਾ ਸੰਭਵ ਨਹੀਂ।ਇਹੀ ਕਿਸੇ ਮਾਣ ਮਤੀ ਸਖਸ਼ੀਅਤ ਦੀ ਪ੍ਰਾਪਤੀ ਹੁੰਦੀ ਹੈ।ਆਪ ਜੀ 27 ਅਕਤੂਬਰ 2024 ਨੂੰ ਨੂਰਪੁਰ ਲੁਬਾਣਾ ਵਿਖੇ 27 ਵਰਿਆ ਦੀ ਸੇਵਾ ਕਰਨ ਉਪਰੰਤ ਲੈਕਚਰਾਰ ਬਣਕੇ ਕਪੂਰਥਲਾ ਦੇ ਹੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਵਿਖੇ ਨਿਯੁਕਤ ਹੋਏ ॥ਆਪਣੇ ਵਿਦਿਆਰਥੀਆਂ ਵਿੱਚ ਪੰਜਾਬੀ ਸੱਭਿਆਚਾਰ ਅਤੇ ਪੰਜਾਬੀ ਮਾਂ ਬੋਲੀ ਦੀ ਪ੍ਰਫੁੱਲਤਾ ਲਈ ਜੋ ਅਨਥਕ ਯਤਨ ਕੀਤੇ ਉਹ ਦਿਲਬਾਗ ਸਿੰਘ ਜੀ ਹੀ ਕਰ ਸਕਦੇ ਸਨ॥

ਅੱਜ ਮਿਤੀ 31 ਮਾਰਚ 2026 ਨੂੰ ਵਿਦਾਇਗੀ ਸਮਾਰੋਹ ਤੇ ਜਿੱਥੇ ਸਾਨੂੰ ਅਥਾਹ ਖੁਸ਼ੀ ਤੇ ਮਾਣ ਮਹਿਸੂਸ ਹੋ ਰਿਹਾ ਹੈ ਉਥੇ ਅਸੀਂ ਸਮੂਹ ਮੁਲਾਜ਼ਮ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਬੁਲੰਦ ਇਰਾਦਿਆਂ ਦੇ ਇਸ ਪਾਂਧੀ ਨੂੰ ਚੰਗੀ ਸਿਹਤਯਾਬੀ, ਲੋਕ ਹਿੱਤਾਂ ਦਾ ਰਾਹੀ ਬਣਕੇ ਭਵਿੱਖ ਦੀਆਂ ਮੰਜਲਾਂ ਨੂੰ ਸਰ ਕਰਨ ਦਾ ਬਲ ਬਖਸ਼ੇ।

**-ਬਾਬਾ ਸੁਖਵੰਤ ਸਿੰਘ ਚੰਨਣਕੇ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੰਬੈਸਡਰ ਫਾਰ ਪੀਸ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ



ਸ਼ੇਰਗੜ ਸੀ ਮਾਤਾ ਦਾ ਭੋਗ ਕਹਿੰਦੇ,ਪਹੁੰਚਿਆ ਕਰਦਾ ਮਾਰੋ ਮਾਰ ਝੀਂਡਾ
ਲਾਓ ਲਸ਼ਕਰ ਸੀ ਤੁਰਿਆ ਨਾਲ ਉਹਦੇ,ਉਥੇ ਪਹੁੰਚਿਆ ਤੇਜ ਰਫਤਾਰ ਝੀਂਡਾ
ਅੰਦਰ ਜਾ ਕੇ ਸੰਗਤ ਦੇ ਵਿੱਚ ਬੈਠਾ,ਭਰਿਆ ਬੈਠਾ ਸੀ ਵਿੱਚ ਹੰਕਾਰ ਝੀਂਡਾ
ਦਾਦੂਵਾਲ ਨੇ ਸ਼ਰਧਾਂਜਲੀ ਦਿੱਤੀ ਆ ਕੇ,ਬਸ ਹੋ ਗਿਆ ਆਪੇ ਤੋਂ ਬਾਹਰ ਝੀਂਡਾ
ਇਹ ਹੈ ਕੌਣ ਕੀਹਨੇ ਬੁਲਾਇਆ ਇਸਨੂੰ,ਬੋਲ ਗਿਆ ਅਪਸ਼ਬਦ ਬੇਸ਼ੁਮਾਰ ਝੀਂਡਾ
ਜਥੇਦਾਰ ਬਲਜੀਤ ਸਿੰਘ ਸ਼ਾਂਤ ਰਹੇ,ਕਰਦਾ ਗਿਆ ਸ਼ਬਦਾਂ ਦੇ ਵਾਰ ਝੀਂਡਾ
ਸੰਗਤ ਦੇਖ ਕੇ ਬੜਾ ਹੈਰਾਨ ਹੋਈ,ਕਿਉਂਕਿ ਕਰਦਾ ਗਿਆ ਕਪਟ ਗੁਬਾਰ ਝੀਂਡਾ
ਇਸਨੂੰ ਉਂਗਲੀ ਕਿਸੇ ਨੇ ਲਾਈ ਹੋਣੀ,ਤਾਂਹੀ ਹੋ ਰਿਹਾ ਖੱਜਲ ਖੁਆਰ ਝੀਂਡਾ
ਵੱਡੀ ਸਭ ਤੋਂ ਦੁਖ ਦੀ ਗੱਲ ਇਹ ਸੀ,ਭੁੱਲ ਗੁਰੂ ਦਾ ਗਿਆ ਸਤਿਕਾਰ ਝੀਂਡਾ
ਪੂਰੇ ਗੁਰੂ ਦੀ ਹਾਜ਼ਰੀ ਵਿੱਚ ਬਹਿ ਕੇ,ਬੋਲੀ ਗਿਆ ਅਪਸ਼ਬਦ ਲਗਾਤਾਰ ਝੀਂਡਾ
ਨਸ਼ਾ ਕੁਰਸੀ ਦਾ ਚੜਿਆ ਦਿਮਾਗ ਉਹਦੇ ਆਉਣਾ ਚਾਹੁੰਦਾ ਹੈ ਦੂਜੀ ਵਾਰ ਝੀਂਡਾ
ਮਾਣ ਮਿਲਦਾ ਨਾਲੇ ਸਤਿਕਾਰ ਓਸਨੂੰ,ਕਰਦਾ ਅਦਬ ਨਾਲ ਬਹਿ ਗੁਫਤਾਰ ਝੀਂਡਾ
ਇਹਦੀ ਲ਼ਾਜ ਤੇ ਘੱਟੋ ਘੱਟ ਰੱਖ ਲੈਂਦਾ,ਜਿਹੜੀ ਸਿਰ ਤੇ ਬੰਨੀ ਦਸਤਾਰ ਝੀਂਡਾ
ਉਨੀ ਮਾਰਚ ਨੂੰ ਹੋਇਆ ਫਿਰ ਇਕੱਠ ਭਾਰਾ,ਪਹੁੰਚਿਆ ਚੌਂਕੀ ਸੁਤਰਾਣੇ ਮੰਜਲਾਂ ਮਾਰ ਭਾਈ
ਜਾ ਕੇ ਝੀਂਡੇ ਖ਼ਿਲਾਫ਼ ਰਿਪੋਰਟ ਲਿਖਾ ਸੱਚੀ, ਕੀਤੀ ਸੰਗਤਾਂ ਨੇ ਸੱਚੀ ਕਾਰਵਾਈ
ਕੀ ਹੋ ਗਿਆ ਸਿੰਘਾਂ ਨੂੰ ਅਵਤਾਰ ਸਿੰਘਾ,ਬਿਨਾਂ ਗੱਲ ਤੋਂ ਐਵੇਂ ਇਹ ਲੜੀ ਜਾਂਦੇ
ਇੱਕ ਕੌਮ ਦਾ ਸੱਚਾ ਪ੍ਰਚਾਰਕ ਹੈ ਤੇ,ਦੂਜੇ ਆਣ ਕੇ ਐਵੇਂ ਹੀ ਚੜੀ ਜਾਂਦੇ
ਚੰਗੇ ਪ੍ਰਚਾਰਕਾਂ ਦੀ ਇਹੋ ਨਿਸ਼ਾਨੀ ਹੁੰਦੀ,ਉਹ ਉੱਚਾ ਕਦੀ ਵੀ ਬੋਲਦੇ ਨਹੀਂ
ਨਾ ਕੁਰਸੀ ਲੈਣੀ ਨਾ ਨਸ਼ਾ ਕੁਰਸੀਆਂ ਦਾ,ਮਾੜੇ ਬੰਦਿਆਂ ਦੇ ਭੇਦ ਉਹ ਖੋਲਦੇ ਨਹੀਂ
ਗੱਲ ਸੱਚ ਦੀ ਕਰਦੇ ਤੇ ਸੱਚ ਬੋਲਦੇ ਨੇ,ਬਹਿ ਕੇ ਗੁਰੂ ਹਜ਼ੂਰੀ ਵਿੱਚ ਕੁਫਰ ਉਹ ਤੋਲਦੇ ਨਈ
ਉਹੀ ਕੀਤਾ ਜਥੇਦਾਰ ਬਲਜੀਤ ਸਿੰਘ ਨੇ,ਝੀਂਡੇ ਵਾਂਗਰਾਂ ਪੱਤ ਉਹ ਰੋਲਦੇ ਨਹੀਂ।

## ਅੰਬੈਸਡਰ ਫਾਰ ਪੀਸ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ

ਜਾਈਏ ਸਦਕੇ ਤੇਰੀ ਸ਼ਾਂਤੀ ਦੇ
ਕਿੱਦਾਂ ਮਨ ਨੂੰ ਸ਼ਾਂਤ ਬਣਾਈ ਰੱਖਿਆ
ਭਾਵੇਂ ਹੱਥ ਦੇ ਵਿੱਚ ਸੀ ਤੇਗ ਪਕੜੀ
ਫੇਰ ਵੀ ਬੰਨ ਕੇ ਸਰੀਰ ਬਿਠਾਈ ਰੱਖਿਆ

ਹਰਕਤ ਹੱਥਾਂ ਨੂੰ ਨਹੀਂ ਜੇ ਕਰਨ ਦਿੱਤੀ
ਹੱਥ ਮੁੱਠੇ ਨੂੰ ਤੇਗ ਦੇ ਪਾਈ ਰੱਖਿਆ
ਆਪਣੇ ਮਨ ਦੇ ਨਾਲ ਹੀ ਗੱਲ ਕਰਕੇ
ਬੈਠੇ ਬੈਠੇ ਮਨ ਸਮਝਾਈ ਰੱਖਿਆ

ਕੋਈ ਬੋਲਦਾ ਬੋਲ ਜੇ ਲੱਖ ਵਾਰੀ
ਮਨ ਆਪਣਾ ਚੁੱਪ ਕਰਾਈ ਰੱਖਿਆ
ਰੌਲਾ ਪੈਂਦਾ ਸੀ ਸ਼ੋਰ ਸਰਾਭਿਆਂ ਦਾ
ਗੁਰੂ ਚਰਨਾਂ ਵਿੱਚ ਧਿਆਨ ਟਿਕਾਈ ਰੱਖਿਆ

ਬੜਾ ਔਖਾ ਏ ਮਨ ਕੰਟਰੋਲ ਕਰਨਾ
ਤੁਸਾਂ ਕਾਬੂ ਹੈ ਮਨ ਤੇ ਪਾਈ ਰੱਖਿਆ
ਝੀਂਡਾ ਬੋਲ ਗਿਆ ਸ਼ਬਦ ਅਪਸ਼ਬਦ ਬਹੁਤੇ
ਤੁਸਾਂ ਗੁਰੂ ਨੂੰ ਸਮਝ ਸਹਾਈ ਰੱਖਿਆ

ਕੋਈ ਦਿੱਤਾ ਨਹੀਂ ਮੋੜ ਜਵਾਬ ਉਸਨੂੰ
ਤਾਲਾ ਚੁੱਪ ਦਾ ਮੂੰਹ ਨੂੰ ਲਾਈ ਰੱਖਿਆ
ਸਦਕੇ ਜਾਈਏ ਜਥੇਦਾਰ ਬਲਜੀਤ ਸਿੰਘਾ
ਫਿਰ ਵੀ ਸ਼ਾਂਤੀ ਦਾ ਮਾਹੌਲ ਬਣਾਈ ਰੱਖਿਆ

ਆਵਾਜ਼ਿ ਕੌਮ AWAZE QAUM International Newspaper & WEB TV

### ਇੰਟਰਨੈਸ਼ਨਲ ਅਖੰਡ ਕੀਰਤਨ ਸਮਾਗਮ ਸਿੰਘ ਸਭਾ ਡਰਬੀ ਵਿਖੇ ਹੋਏ ਆਰੰਭ

# ਗਿਆਨੀ ਹਰਪਾਲ ਸਿੰਘ ਫਤਹਿਗੜ੍ਹ ਸਾਹਿਬ ਸਮੇਤ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਕੀਰਤਨੀ ਜਥੇ ਅਤੇ ਸੰਗਤਾਂ ਭਰਨਗੀਆਂ ਹਾਜ਼ਰੀ



ਨਵੀਂ ਦਿੱਲੀ 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਡਰਬੀ ਦੇ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਦੇ ਹਫ਼ਤਾਵਾਰ ਇੰਟਰਨੈਸ਼ਨਲ ਅਖੰਡ ਕੀਰਤਨ ਸਮਾਗਮ ਸੋਮਵਾਰ 30 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਸ਼ੁਰੂਆਤ ਨਾਲ ਆਰੰਭ ਹੋ ਗਏ। ਸਲਾਨਾ ਸਮਾਗਮਾਂ ਬਾਰੇ ਜਾਣਕਾਰੀ ਦਿੰਦਿਆਂ ਸਿੰਘ ਸਭਾ ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਧਾਨ ਭਾਈ ਰਘਬੀਰ ਸਿੰਘ ਅਤੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਪੁਰੇਵਾਲ ਨੇ ਦੱਸਿਆ ਕਿ ਇਹਨਾਂ ਸਮਾਗਮਾਂ ਵਿੱਚ ਯੂਕੇ ਭਰ ਤੋਂ ਅਤੇ ਯੂਰਪ ਦੇ ਕਈ ਦੇਸ਼ਾਂ, ਭਾਰਤ, ਅਮਰੀਕਾ, ਕੈਨੇਡਾ ਅਤੇ ਦੇਸ਼ ਵਿਦੇਸ਼ ਤੋਂ ਅਖੰਡ ਕੀਰਤਨੀ ਜਥੇ ਅਤੇ ਸਿੰਘ ਸਿੰਘਣੀਆਂ ਵੱਡੀ ਗਿਣਤੀ ਵਿੱਚ ਪਹੁੰਚ ਰਹੇ ਹਨ । ਉਹਨਾਂ ਕਿਹਾ ਕਿ ਸਿੰਘ ਸਾਹਿਬ ਗਿਆਨੀ ਹਰਪਾਲ ਸਿੰਘ ਸ੍ਰੀ ਫਤਹਿਗੜ੍ਹ ਸਾਹਿਬ ਵਾਲੇ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰ ਰਹੇ ਹਨ ਜੋ ਕਿ ਬੁੱਧਵਾਰ ਤੋਂ ਐਤਵਾਰ ਤੱਕ ਸ਼ਾਮ 6:30 ਵਜੇ ਤੋਂ 7:20 ਵਜੇ ਤੱਕ ਗੁਰਮਤਿ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਆਉਣ ਵਾਲੀਆਂ ਸੰਗਤਾਂ ਲਈ ਟਰਾਂਸਪੋਰਟ ਅਤੇ ਰਿਹਾਇਸ਼ ਦਾ ਪ੍ਰਬੰਧ ਸਥਾਨਕ ਸੰਗਤਾਂ ਅਤੇ ਗੁਰੂ ਘਰ ਦੇ ਸੇਵਾਦਾਰਾਂ ਵੱਲੋਂ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਵੀਰਵਾਰ ਸ਼ਾਮ ਦੇ ਦੀਵਾਨ ਵਿੱਚ ਬੀਬੀ ਨਵਜੋਤ ਕੌਰ ਵਿਰਕ ਨਕਲੀ ਗੁਰੂ ਡੰਮ੍ਹ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ। ਅਗਲੇ ਦਿਨ ਸ਼ੁੱਕਰਵਾਰ ਸ਼ਾਮ ਨੂੰ ਗੁਰੂਮਿੰਗ ਸਬੰਧੀ ਭਾਈ ਮਨਵੀਰ ਸਿੰਘ ਜੀ ਆਪਣੇ ਵਿਚਾਰ ਦੇਣਗੇ ਤੇ ਸੰਗਤਾਂ ਨੂੰ ਜਾਗਰਿਤ ਕਰਨਗੇ। ਸ਼ਨੀਵਾਰ ਨੂੰ ਸਵੇਰੇ 9 ਵਜੇ ਸ੍ਰੀ ਨਿਸ਼ਾਨ ਸਾਹਿਬ ਦੀ ਸੇਵਾ ਹੋਵੇਗੀ ਅਤੇ ਬਾਅਦ ਦੁਪਹਿਰ ਦੋ ਵਜੇ ਅੰਮ੍ਰਿਤ ਸੰਚਾਰ ਹੋਵੇਗਾ, ਸੰਗਤਾਂ ਇਸ ਸਬੰਧੀ ਸੇਵਾਦਾਰਾਂ ਨਾਲ ਸੰਪਰਕ ਕਰ ਸਕਦੀਆਂ ਹਨ। ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹਾਦਤ ਦਿਵਸ ਨੂੰ ਸਮਰਪਿਤ "ਸਿੱਖ ਵਿਰਾਸਤ ਅਤੇ ਸਿੱਖਿਆ ਕੇਂਦਰ" ਦਾ ਨੀਂਹ ਪੱਥਰ ਰੱਖਿਆ ਜਾਵੇਗਾ। ਸ਼ਾਮ ਦੇ ਦੀਵਾਨ 'ਚ ਵਰਲਡ ਸਿੱਖ ਪਾਰਲੀਮੈਂਟ ਦੇ ਭਾਈ ਮਨਪ੍ਰੀਤ ਸਿੰਘ ਖਾਲਸਾ ਹਲੇਮੀ ਰਾਜ ਦੀ ਸਥਾਪਤੀ ਅਤੇ ਚੱਲ ਰਹੇ ਸੰਘਰਸ਼ ਸਬੰਧੀ ਜਾਣਕਾਰੀ ਸਾਂਝੀ ਕਰਨਗੇ। ਐਤਵਾਰ ਨੂੰ ਪ੍ਰੋ: ਦਲਜੀਤ ਸਿੰਘ ਵਿਰਕ ਦੀ ਨਵੀਂ ਕਿਤਾਬ (ਅੰਗਰੇਜ਼ੀ ਵਿੱਚ) "ਦ ਡੀਵਾਈਨ ਬਲੂਪ੍ਰਿੰਟ ਆਫ਼ ਲਾਈਫ" ਰਿਲੀਜ਼ ਕੀਤੀ ਜਾਵੇਗੀ । ਸ਼ਾਮ ਦੇ ਦੀਵਾਨ ਵਿੱਚ ਪੰਥਕ ਸ਼ਖਸੀਅਤਾਂ ਸਮੇਤ ਭਾਈ ਜੋਗਾ ਸਿੰਘ ਪੰਥ ਦੇ ਮੌਜੂਦਾ ਹਾਲਾਤ ਬਾਰੇ ਚਾਨਣਾ ਪਾਉਣਗੇ। ਜਿਕਰਯੋਗ ਹੈ ਕਿ ਬੀਤੇ ਸਾਲ ਡਰਬੀ ਸਿਟੀ ਕੌਂਸਲ ਵਿੱਚ ਡਿਪਟੀ ਮੇਅਰ ਅਜੀਤ ਸਿੰਘ ਅਟਵਾਲ ਅਤੇ ਡਰਬੀ ਦੇ ਮੇਅਰ ਵੱਲੋਂ ਸਾਰੀਆਂ ਪਾਰਟੀਆਂ ਦੇ ਸਹਿਯੋਗ ਨਾਲ ਸਰਬਸੰਮਤੀ ਨਾਲ ਭਾਰਤ ਵਿੱਚ ਨਵੰਬਰ 1984 ਦੀ ਸਿੱਖ ਨਸਲਕੁਸ਼ੀ ਸਬੰਧੀ ਮਤਾ ਪਾਸ ਕੀਤਾ ਗਿਆ ਸੀ । ਪਿਛਲੇ ਸਾਲ ਮਈ ਤੋਂ ਕੌਂਸਲਰ ਅਜੀਤ ਸਿੰਘ ਅਟਵਾਲ ਡਰਬੀ ਦੇ ਮੇਅਰ ਵਜੋਂ ਸੇਵਾ ਨਿਭਾਅ ਰਹੇ ਹਨ ਉਹਨਾਂ ਨੂੰ ਸਮਾਗਮ ਵਿੱਚ ਪਹੁੰਚਣ ਲਈ ਸੱਦਾ ਦਿੱਤਾ ਗਿਆ ਹੈ, ਜਿੱਥੇ ਉਹਨਾਂ ਦਾ ਮਾਣ ਸਨਮਾਨ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਟ੍ਰੈਫ਼ਿਕ ਪੁਲਿਸ ਵੱਲੋਂ

# ਹਟਾਏ ਨਾਜਾਇਜ਼ ਕਬਜ਼ੇ ਅਤੇ ਕੱਟੇ ਚਲਾਨ



**ਚੌਕ ਮਹਿਤਾ, 1 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣਯੋਗ ਪੁਲਿਸ ਕਮਿਸ਼ਨਰ ਸ੍ਰੀ ਗੁਰਪ੍ਰੀਤ ਸਿੰਘ ਭੁੱਲਰ ਆਈ ਪੀ ਐਸ ਅਤੇ ਐਸ ਪੀ ਟ੍ਰੈਫਿਕ ਮੈਡਮ ਅਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਟਰੈਫਿਕ ਜੌਨ ਨੰਬਰ 3 ਇੰਚਾਰਜ ਸਬ ਇੰਸਪੈਕਟਰ ਦਿਲਬਾਗ ਸਿੰਘ ਵਲੋ ਗੁਰਦਆਰਾ ਸ਼ਹੀਦਾਂ ਸਾਹਿਬ ਦੇ ਆਸ ਪਾਸ ਨਜਾਇਜ ਕਬਜੇ ਹਟਾਏ ਗਏ ਇਸ ਮੌਕੇ ਸਬ ਇੰਸਪੈਕਟਰ ਦਿਲਬਾਗ ਸਿੰਘ ਨੇ ਕਿਹਾ ਕਿ ਚਾਟੀਵਿੰਡ ਗੇਟ ,ਰਾਮਸਰ ਰੋਡ ,ਸੁਲਤਾਨਵਿੰਡ ਰੋਡ ਤੇ ਦੁਕਾਨਦਾਰਾਂ ਵਲੋ ਫੁੱਟਪਾਥ ਅਤੇ ਸੜਕਾਂ ਤੇ ਨਜਾਇਜ ਕਬਜੇ ਕੀਤੇ ਸਨ ਜਿਨ੍ਹਾਂ ਨਾਲ ਟਰੈਫਿਕ ਬਹੁਤ ਜਿਆਦਾ ਜਾਮ ਹੋ ਜਾਂਦਾ ਸੀ ਅਤੇ ਪਬਲਿਕ ਨੂੰ ਆਉਣ ਜਾਣ ਵੇਲੇ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ ਉਨਾਂ ਦੁਕਾਨਦਾਰਾ ਨੂੰ ਸਖ਼ਤ ਹਦਾਇਤ ਕੀਤੀ ਕਿ ਆਪਣਾ ਸਮਾਨ ਆਪਣੀ ਦੁਕਾਨ ਤੇ ਹੀ ਰੱਖਣ ਨਾ ਕਿ ਸੜਕਾਂ ਅਤੇ ਫੁੱਟਪਾਥ ਉਪਰ ਜੇਕਰ ਕੋਈ ਵੀ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਉਪਰ ਬਣਦੀ ਕਾਰਵਾਈ ਕੀਤੀ ਜਾਵੇਗੀ ਇਸਦੇ ਨਾਲ ਹੀ ਗਲਤ ਸਾਇਡ ਤੇ ਖੜੇ ਆਟੋ ਰਿਕਸ਼ਾ ਦੇ ਚਲਾਨ ਕੀਤੇ ਗਏ ਸਬ ਇੰਸਪੈਕਟਰ ਦਿਲਬਾਗ ਸਿੰਘ ਨੇ ਗੁਰਦਆਰਾ ਸ਼ਹੀਦਾਂ ਸਾਹਿਬ ਆਉਣ ਵਾਲੇ ਸ਼ਰਧਾਲੂਆ ਨੂੰ ਬੇਨਤੀ ਕੀਤੀ ਕਿ ਆਪਣੇ ਵਾਹਨ ਸੜਕ ਤੇ ਪਾਰਕ ਕਰਨ ਦੀ ਜਗ੍ਹਾ ਗੁਰਦਆਰਾ ਸਾਹਿਬ ਵਲੋ ਬਣਾਈ ਹੋਈ ਪਾਰਕਿੰਗ ਵਿੱਚ ਹੀ ਲਗਾਉਣ ਇਸ ਮੌਕੇ ਏ ਐਸ ਆਈ ਇਜੱਤਪਾਲ ਸਿੰਘ, ਏ ਐਸ ਆਈ ਭੁਪਿੰਦਰ ਸਿੰਘ, ਏ ਐਸ ਆਈ ਹਰਪਾਲ ਸਿੰਘ, ਏ ਐਸ ਆਈ ਅਰਜਨ ਸਿੰਘ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਵਿੱਚ ਨਵੇਂ ਸੈਸ਼ਨ ਦੀ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਗਈ ਸ਼ੁਰੂਆਤ



**ਤਲਵੰਡੀ ਸਾਬੋ, 01 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿੱਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਕਰਦਿਆਂ ਸਕੂਲ ਦੇ ਚੇਅਰਮੈਨ ਸ੍ਰੀ ਵਿਨੋਦ ਖੁਰਾਣਾ, ਪ੍ਰਿੰਸੀਪਲ ਮੈਡਮ ਮੀਨੂੰ ਗਰਗ, ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਹਾਜ਼ਰੀ ਵਿੱਚ ਸੁਖਮਨੀ ਸਾਹਿਬ ਦੇ ਪਾਠ ਕੀਤੇ ਅਤੇ ਸਾਰੇ ਵਿਦਿਆਰਥੀਆਂ ਦੀ ਚੰਗੀ ਸਿਹਤ, ਉਜਲੇ ਭਵਿੱਖ ਅਤੇ ਕਾਮਯਾਬੀ ਲਈ ਅਰਦਾਸ ਕੀਤੀ ਗਈ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਨੇ ਕਿਹਾ ਕਿ ਨਵੇਂ ਸੈਸ਼ਨ ਦੀ ਸ਼ੁਰੂਆਤ ਰੱਬ ਦੇ ਨਾਮ ਨਾਲ ਵਿਦਿਆਰਥੀਆਂ ਵਿੱਚ ਸਾਕਾਰਾਤਮਕ ਸੋਚ ਅਤੇ ਅਨੁਸ਼ਾਸਨ ਦਾ ਵਿਕਾਸ ਹੁੰਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮਨ ਲਾ ਕੇ ਪੜ੍ਹਾਈ ਲਈ ਪ੍ਰੇਰਿਤ ਕੀਤਾ। ਪਾਠ ਉਪਰੰਤ ਕੜਾਹ ਪ੍ਰਸਾਦ ਦਾ ਵੰਡ ਵੀ ਕੀਤਾ ਗਿਆ, ਜਿਸ ਵਿੱਚ ਸਾਰੇ ਹਾਜ਼ਰ ਲੋਕਾਂ ਨੇ ਭਾਗ ਲਿਆ। ਸਕੂਲ ਵਿੱਚ ਸ਼ਾਂਤੀਮਈ ਅਤੇ ਭਗਤੀਮਈ ਵਾਤਾਵਰਨ ਦੇ ਨਾਲ ਨਵੇਂ ਸੈਸ਼ਨ ਦੀ ਸ਼ੁਰੂਆਤ ਹੋਣ ਨਾਲ ਵਿਦਿਆਰਥੀਆਂ ਵਿੱਚ ਖੁਸ਼ੀ ਅਤੇ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ। ਸਕੂਲ ਦੇ ਪ੍ਰਧਾਨ ਲਗਨ ਖੁਰਾਣਾ ਨੇ ਸਾਰੇ ਵਿਦਿਆਰਥੀਆਂ ਨੂੰ ਨਵੇਂ ਅਕਾਦਮਿਕ ਸੈਸ਼ਨ ਦੀ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਇਸ ਸਾਲ ਮਨ ਲਗਾ ਕੇ ਪੜ੍ਹਾਈ ਕਰਨ ਅਤੇ ਆਪਣੇ ਲਕਸ਼ ਹਾਸਲ ਕਰਨ ਲਈ ਪੂਰੀ ਮਿਹਨਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV




# ਜਨਮ ਦਿਨ ਮੁਬਾਰਕ

ਪ੍ਰਿੰਸੀਪਲ ਸ ਰਘਬੀਰ ਸਿੰਘ ਸੋਹਲ ਡਾਇਰੈਕਟਰ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਾਹਿਬ ਸੀਨੀਅਰ ਸੈਕੰਡਰੀ ਸਕੂਲ ਚੂੰਗ ਚੌਕ ਮਹਿਤਾ ਦੇ ਜਨਮ ਦਿਨ ਦੀਆਂ ਸਮੂਹ ਦੇਸ਼ਾਂ ਵਿਦੇਸ਼ਾਂ ਦੇ ਭੈਣ ਭਰਾਵਾਂ ਵੱਲੋਂ ਲੱਖ ਲੱਖ ਵਧਾਈਆਂ ਹੋਣ ਜੀ।
(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਸਰਕਾਰ ਨੇ ਚੋਣਾਂ ਸਮੇਂ

# ਕੀਤੇ ਸਾਰੇ ਵਾਅਦੇ ਗਰੰਟੀਆਂ ਪੂਰੀਆਂ ਕੀਤੀਆਂ : ਗਗਨ ਜਵੰਦਾ



**ਧੂਰੀ ( ਰਣਜੀਤ ਸਿੰਘ ਪੇਧਨੀ)**-ਨੌਜਵਾਨ ਆਗੂ ਉੱਘੇ ਸਮਾਜ ਸੇਵੀ ਸਰਪੰਚ ਲਾਲੀ ਬੰਗਾਵਾਲੀ ਦੀ ਅਗਵਾਈ ਹੇਠ ਪਿੰਡ ਵਿੱਚ ਰੱਖੇ ਇਕੱਠ ਨੂੰ ਸੰਬੋਧਨ ਕਰਦਿਆਂ ਆਪ ਆਗੂ ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਜੋ ਚੌਣਾਂ ਸਮੇਂ ਪੰਜਾਬ ਦੀ ਜਨਤਾ ਨਾਲ ਗਰੰਟੀਆ ਲਈਆ ਸਨ ਜਿਵੇਂ ਮੁਫਤ ਬਿਜਲੀ, ਸਿਹਤ ਬੀਮਾ ਯੋਜਨਾ, ਮਹਿਲਾਵਾਂ ਜਨਰਲ ਓਬੀਸੀ 1000 –ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ, ਮੁਹੱਲਾ ਕਲੀਨਿਕ ਨਾਲ –ਨਾਲ ਕਈ ਹੋਰ ਸਕੀਮਾਂ ਜੋ ਪੂਰੀਆਂ ਕੀਤੀਆਂ ਅਤੇ ਰਹਦੀਆ ਸਕੀਮਾਂ ਨੂੰ ਪੂਰਾ ਕਰਨ ਦਾ ਐਲਾਨ ਵੀ ਕਰ ਦਿਤਾ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਲੋਕਾਂ ਨੂੰ ਭਾਰੀ ਲਾਭਹੋਵੇਗਾ ਅਤੇ ਇਹ ਯੋਜਨਾ 'ਪੂਰੀ ਤਰ੍ਹਾਂ ਲੋਕਾਂ ਦੇ ਹਿਤ ਵਿੱਚ ਹੈ। ਉਹਨਾਂ ਕਿਹਾ ਕਿ ਇਸ ਯੋਜਨਾ ਦੇ ਤਹਿਤ ਪੰਜਾਬ ਦੇ ਵਾਸੀ 10 ਲੱਖ ਰੁਪਏ ਦਾ ਮੁਫਤਇਲਾਜ ਸਰਕਾਰੀ ਅਤੇ ਨਿੱਜੀ ਹਸਪਤਾਲਾ ਵਿੱਚ ਕਰਵਾ ਸਕਣਗੇ ਅਤੇ ਸੂਬੇ ਦੇ 65 ਲੱਖ ਲੋਕਾਂ ਨੂੰ ਇਸਦਾ ਲਾਭ ਹੋਵੇਗਾ। ਉਨ੍ਹਾ ਕਿਹਾ ਕਿ ਇਸ ਯੋਜਨਾ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਖੁਸ਼ੀ ਪਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਤੋਂ ਲੋਕ ਖੁਸ਼ ਅਤੇ ਸੰਤਸ਼ੁਟ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ,ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਸਰਕਾਰ ਵੱਲੋ ਸਾਰੇ ਹੀ ਵਰਗਾਂ ਦੇ ਹਿੱਤਾਂ ਦਾ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਜਾਰੀ ਕੀਤੀਆਂ ਯੋਜਨਾ ਪੂਰੀ ਤਰ੍ਹਾਂ ਲੋਕਾਂ ਦੇ ਹਿੱਤ ਵਿੱਚ ਹਨ।

### ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ ਲਈ ਸਮਾਜ ਸੁਧਾਰ ਸੰਸਥਾ ਤੇ

# ਵੱਖ-ਵੱਖ ਜਥੇਬੰਦੀਆਂ ਵੱਲੋਂ ਜਪ ਤਪ ਸਮਾਗਮ ਕਰਵਾਇਆ ਗਿਆ




ਜੰਡਿਆਲਾ ਗੁਰੂ 1 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਸ੍ਰੀ ਅੰਮਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦਾ ਐਲਾਨ ਕਰੀਬ ਤਿੰਨ ਮਹੀਨੇ ਪਹਿਲਾਂ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਸੀ ਅਤੇ ਇਹ ਐਲਾਨ ਪ੍ਰਸ਼ਾਸਨ ਦੀ ਅਣਗਹਿਲੀ ਤੇ ਪੰਜਾਬ ਸਰਕਾਰ ਵੱਲੋਂ ਸਖਤੀ ਨਾ ਵਰਤੇ ਜਾਣ ਦੀ ਸੂਰਤ ਵਿੱਚ ਇਸ ਐਲਾਨ ਨੂੰ ਠੰਡੇ ਬਸਤੇ ਵਿੱਚ ਸੁੱਟ ਦਿੱਤਾ ਗਿਆ ਹੈ ਜਿਸ ਦੇ ਵਿਰੋਧ ਵਿੱਚ ਬੀਤੇ ਦਿਨ ਸਮਾਜ ਸੁਧਾਰ ਸੰਸਥਾ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਅਤੇ ਹੋਰ ਧਾਰਮਿਕ ਜਥੇਬੰਦੀਆਂ ਵਲੋਂ ਵਾਹਿਗੁਰੂ ਜੀ ਦਾ ਜਾਪ ਕਰਕੇ ਅਰਦਾਸ ਸਮਾਗਮ ਕਰਵਾਇਆ ਗਿਆ ਇਸ ਮੌਕੇ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਜਿਲ੍ਹਾ ਪ੍ਰਸਾਸਨ ਨੂੰ ਤੁਰੰਤ ਸਰਾਬ ਮੀਟ ਪਾਨ ਬੀੜੀਆਂ ਮੱਛੀ ਮੰਡੀ ਦੁਕਾਨਾਂ ਬੰਦ ਕਰਕੇ ਦੂਰ ਦੁਰਾਡੇ ਤਬਦੀਲ ਕਰਨੀਆਂ ਚਾਹੀਦੀਆਂ ਹਨ ਜੇਕਰ ਇਸ ਪਵਿੱਤਰ ਸ਼ਹਿਰ ਦੇ ਐਲਾਨ ਨੂੰ ਲਾਗੂ ਨਾ ਕੀਤਾ ਗਿਆ ਤਾਂ ਸਮਾਜ ਸੁਧਾਰ ਸੰਸਥਾ ਅਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਸਾਂਝੇ ਤੌਰ ਤੇ ਪੱਕਾ ਮੋਰਚਾ ਲਗਾਇਆ ਜਾਵੇਗਾ ਅੱਗੇ ਉਨਾਂ ਨੇ ਕਿਹਾ ਕਿ ਅੱਜ ਅਰਦਾਸ ਸਮਾਗਮ ਚੋਕ ਮਹਾ ਸਿੰਘ ਵਿੱਚ ਵਾਹਿਗੁਰੂ ਜੀ ਜਾਪ ਕਰਕੇ ਸੰਗਤੀ ਰੂਪ ਵਿੱਚ ਕੀਤਾ ਗਿਆ ਹੈ ! ਇਸ ਮੌਕੇ ਤੇ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਅਰਦਾਸੀ ਸਿੰਘ ਭਾਈ ਬਲਵਿੰਦਰ ਸਿੰਘ ਜੀ ਵੱਲੋਂ ਪਵਿੱਤਰ ਸ਼ਹਿਰ ਦਾ ਦਰਜਾ ਪੂਰਨ ਰੂਪ ਵਿੱਚ ਲਾਗੂ ਕਰਨ ਲਈ ਅਰਦਾਸ ਕੀਤੀ ਗਈ ਤੇ ਪਵਿੱਤਰਤਾ ਬਹਾਲੀ ਕਰਾਉਣ ਲਈ ਵੱਖ ਵੱਖ ਬੁਲਾਰੇ ਪ੍ਰਧਾਨ ਰਣਜੀਤ ਸਿੰਘ ਭੋਮਾ ਭਾਈ ਪਰਮਜੀਤ ਸਿੰਘ ਅਕਾਲੀ ਭਾਈ ਗੁਰਮੱਖ ਸਿੰਘ ਅਮੀਸਾਹ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪਵਿੱਤਰਤਾ ਬਹਾਲੀ ਐਲਾਨ ਨੂੰ ਤੁਰੰਤ ਲਾਗੂ ਕਰੇ ਸਰਕਾਰ ਤੇ ਪ੍ਰਸ਼ਾਸਨ ਜਿਸ ਵਿੱਚ ਚੋਕ ਮਹਾ ਸਿੰਘ ਹਾਲ ਗੇਟ ਥਾਣਾ ਬੀ ਡਵੀਜ਼ਨ ਕਹੀਆਂ ਵਾਲਾ ਬਜਾਰਾਂ ਚ ਸਰਾਬ ਮੀਟ ਪਾਨ ਬੀੜੀਆਂ ਤਮਾਕੂ ਮੱਛੀ ਮੰਡੀ ਸਾਰੀਆਂ ਦੁਕਾਨਾਂ ਪੱਕੇ ਤੌਰ ਬੰਦ ਕਰਕੇ ਸ਼ਹਿਰ ਤੋਂ ਵੱਖਰੀ ਮਾਰਕੀਟ ਵਿੱਚ ਤਬਦੀਲ ਕੀਤੀਆਂ ਜਾਣ ਤੇ ਰਸਤਿਆਂ ਚ ਹੋਟਲਾ ਵਿੱਚ ਨਜਾਇਜ਼ ਦੇਹ ਵਪਾਰ ਹੋਟਲਾਂ ਨੂੰ ਸੀਲ ਕਰਕੇ ਸਖਤ ਕਾਰਵਾਈ ਕੀਤੀ ਜਾਵੇ ਅੱਗੇ ਉਨਾਂ ਨੇ ਪ੍ਰਸਾਸਨ ਨੂੰ ਅਪੀਲ ਕਰਦਿਆਂ ਕਿਹਾ ਕਿ ਪਹਿਲ ਦੇ ਅਧਾਰ ਤੇ ਪਵਿੱਤਰਤਾ ਬਹਾਲੀ ਐਲਾਨ ਲਾਗੂ ਕੀਤਾ ਜਾਵੇ ਤੇ ਚੋਕ ਮਹਾ ਸਿੰਘ ਚ ਸੁੰਦਰ ਸੁਨਿਹਰੀ ਗੇਟ ਬਣਾਇਆ ਜਾਵੇ ਤੇ ਵੱਖ ਵੱਖ ਬਜਾਰਾਂ ਵਿੱਚ ਸੁੰਦਰ ਵਧੀਆ ਪ੍ਰੀਮਕਸ ਪਾ ਕੇ ਸੜਕਾਂ ਬਣਾਈਆਂ ਜਾਣ ਤੇ ਨਸੇੜੀ ਤੇ ਮੰਗਣ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ ਤੇ ਗੁਰੂ ਨਗਰੀ ਗੁਰੂ ਰਾਮਦਾਸ ਸਾਹਿਬ ਜੀ ਮਹਾਰਾਜ ਜੀ ਦੇ ਚਾਰੇ ਪਾਸੇ ਰਸਤੇ ਬੱਸ ਸਟੈਂਡ ਤੇ ਰੇਲਵੇ ਸਟੇਸ਼ਨ ਤੋ ਸਵਰਗਾਂ ਦੇ ਰੂਪ ਵਿੱਚ ਸਵਰਗਾਂ ਬਣਾਏ ਜਾਣ ਦੇਸ ਵਿਦੇਸ ਦੀਆਂ ਸੰਗਤਾਂ ਦਰਸਨ ਕਰਨ ਸਮੇਂ ਵਧੀਆ ਪ੍ਰਭਾਵ ਨਜ਼ਰ ਆਵੇ ਇਸ ਮੌਕੇ ਤੇ ਪੰਜ ਪਿਆਰੇ ਭਾਈ ਸਤਨਾਮ ਸਿੰਘ ਖੰਡਾ ਭਾਈ ਸਤਨਾਮ ਸਿੰਘ ਝੰਜੀਆ ਬਾਬਾ ਗੁਰਦੀਪ ਸਿੰਘ ਮੈਨੇਜਰ ਹਰਬੰਸ ਸਿੰਘ ਮੱਲੀ ਬਾਬਾ ਗੁਰਦੀਪ ਸਿੰਘ ਮਟੀਆਂ ਬਾਬਾ ਕੁਲਦੀਪ ਸਿੰਘ ਮਜੀਠਾ ਰੋਡ ਪ੍ਰਧਾਨ ਜਗਤਾਰ ਸਿੰਘ ਮੱਜੂਪੁਰਾ ਮਨਵੀਰ ਸਿੰਘ ਵਡਾਲਾ ਬੀਬੀ ਗੁਰਪੀਤ ਕੋਰ ਇੰਗਲੈਂਡ ਬਾਬਾ ਹਰਦੀਪ ਸਿੰਘ ਰਾਜਾਸਾਂਸੀ ਸਰਪੰਚ ਦੁਰਗਾ ਦਾਸ ਡਾ ਸੁਖਦੀਪ ਸਿੰਘ ਨਾਗ ਬੀਬੀ ਬਲਵਿੰਦਰ ਕੋਰ ਬੀਬੀ ਜਸਬੀਰ ਕੋਰ ਬਾਬਾ ਜੋਗਿੰਦਰ ਸਿੰਘ ਵੱਡੀ ਗਿਣਤੀ ਵਿੱਚ ਸੰਗਤਾਂ ਵਾਹਿਗੁਰੂ ਜੀ ਦਾ ਜਾਪ ਕਰਕੇ ਸ਼ਾਮਲ ਹੋਈਆਂ ! ਸ੍ਰੀ ਅੰਮ੍ਰਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੇ ਐਲਾਨ ਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਨੇ ਆਪਣਾ ਪ੍ਰਤੀਕਰਮ ਦਰਜ ਕਰਵਾਉਂਦਿਆਂ ਹੋਇਆ ਕਿਹਾ ਕਿ ਲੰਮੇ ਸਮੇਂ ਤੋਂ ਸਿੱਖ ਸੰਗਤਾਂ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੀ ਮੰਗ ਕੀਤੀ ਜਾ ਰਹੀ ਸੀ ਪਰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਜੇਕਰ ਪਵਿੱਤਰ ਸਹਿਰ ਦਾ ਦਰਜਾ ਦੇਣ ਦਾ ਐਲਾਨ ਕੀਤਾ ਗਿਆ ਸੀ ਤਾਂ ਉਸ ਨੂੰ ਲਾਗੂ ਕਿਉਂ ਨਹੀਂ ਕੀਤਾ ਗਿਆ ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਜਾਂ ਤਾਂ ਇਸ ਐਲਾਨ ਨੂੰ ਵੋਟਾਂ ਲਈ ਵਰਤਿਆ ਜਾਣ ਵਾਲਾ ਜੁਮਲਾ ਇਕਰਾਰ ਦੇ ਦਿੱਤਾ ਜਾਵੇ !

> **ਪੰਜਾਬ ਸਰਕਾਰ ਵੱਲੋਂ ਕੀਤੇ ਗਏ ਐਲਾਨ ਨੂੰ ਪ੍ਰਸਾਸਨ ਨੇ ਲਾਗੂ ਨਾ ਕਰਵਾਇਆ ਤਾਂ ਲੱਗੇਗਾ ਪੱਕਾ ਮੋਰਚਾ-ਪ੍ਰਧਾਨ ਰਣਜੀਤ ਸਿੰਘ ਭੋਮਾ**

## ਨਵੇਂ ਸੈਸ਼ਨ ਦੀ ਆਰੰਭਤਾ



ਸਕੂਲ ਦੇ ਨਵੇਂ ਸੈਸ਼ਨ ਦੀ ਆਰੰਭਤਾ ਦੇ ਸਮੇਂ ਯੂ.ਐਸ.ਪੀ.ਸੀ. ਜੈਨ ਪਬਲਿਕ ਸਕੂਲ, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ ਦਾ ਵਿਦਿਆਰਥੀ ਹਰਨੂਰ ਸਿੰਘ ਘਰ ਤੋਂ ਸਕੂਲ ਬੈਗ (ਬਸਤਾ) ਚੁੱਕ ਕੇ ਜਾਣ ਲਈ ਤਿਆਰ। ( ਫੋਟੋ ਤੇ ਵੇਰਵਾ : ਕਰਨੈਲ ਸਿੰਘ ਐੱਮ ਏ ਲੁਧਿਆਣਾ)

## 2027 ਵਿਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਤਹਿ : ਰਣਜੀਤ ਸਿੰਘ ਰੰਧਾਵਾ ਕਾਤਰੋਂ




**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਹਲਕੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਦਿਨ ਰਾਤ ਇੱਕ ਕਰਕੇ ਵਰਕਰਾਂ ਨੂੰ ਲਾਮਬੰਦ ਕਰਕੇ ਅਤੇ ਸ਼੍ਰੋਮਣੀ ਅਕਾਲੀ ਦਲ ਦੀਆ ਨੀਤੀਆਂ ਘਰ ਘਰ ਪਹੁੰਚਾਈਆ ਜਾ ਰਹੀਆਂ ਹਨ ਅਤੇ ਸੁਖਵੀਰ ਸਿੰਘ ਬਾਦਲ ਦੀ ਅਗਵਾਈ ਵਿੱਚ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਤਹਿ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ, ਰਣਜੀਤ ਸਿੰਘ ਰੰਧਾਵਾ ਹਲਕਾ ਇੰਚਾਰਜ ਧੂਰੀ ਨੇ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਪਿੰਡਾ ਦੀਆਂ ਸੱਥਾ ਵਿਚ ਲੋਕ ਹੁਣ ਦੁਬਾਰਾ ਸ਼੍ਰੋਮਣੀ ਅਕਾਲੀ ਦਲ ਦੀਆਂ ਹੀ ਗੱਲਾਂ ਕਰ ਰਹੇ ਹਨ ਅਤੇ 2027 ਵਿਚ ਸਰਕਾਰ ਬਣਾਉਣ ਲਈ ਤਿਆਰ ਬਰ ਤਿਆਰ ਹਨ ਅਤੇ ਸ ਪ੍ਰਕਾਸ਼ ਸਿੰਘ ਬਾਦਲ ਜੀ ਵੱਲੋਂ ਕੀਤੇ ਵਿਕਾਸ ਕਾਰਜਾਂ, ਅਤੇ ਪੰਜਾਬ ਦੀ ਤਰੱਕੀ ਲਈ ਕੀਤੇ ਕੰਮਾਂ ਨੂੰ ਯਾਦ ਕਰ ਰਹੇ ਹਨ ਅਤੇ ਪੰਜਾਬ ਅੰਦਰ ਸ ਸੁਖਵੀਰ ਸਿੰਘ ਬਾਦਲ ਜੀ ਵੱਲੋਂ ਕੀਤੀ ਆ ਜਾ ਰਹੀਆਂ ਵੱਡੀਆਂ ਰੈਲੀਆਂ ਨੇ ਵਿਰੋਧੀ ਪਾਰਟੀਆਂ ਆਮ ਆਦਮੀ ਪਾਰਟੀ, ਕਾਂਗਰਸ ਅਤੇ ਹੋਰ ਪਾਰਟੀਆਂ ਜੋ ਦਿੱਲੀ ਤੇ ਚਲਦੀਆਂ ਹਨ ਹਿਲਾ ਕੇ ਰੱਖ ਦਿੱਤਾ ਹੈ ਹੁਣ ਦੁਬਾਰਾ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਹੇ ਹਨ ਇਸ ਲਈ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਤਹਿ ਹੈ।

## ਜੰਡਿਆਲਾ ਗੁਰੂ ਵਿਖੇ ਪੁਲਿਸ ਪਾਰਟੀ ਵੱਲੋਂ ਫਲੈਗ ਮਾਰਚ ਕੱਢਿਆ ਗਿਆ



ਜੰਡਿਆਲਾ ਗੁਰੂ 1 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਐਸ ਐਸ ਪੀ, ਦਿਹਾਤੀ, ਡੀਐਸਪੀ ਜੰਡਿਆਲਾ ਗੁਰੂ, ਅਤੇ ਐਸ ਐਚ ਓ ਜੰਡਿਆਲਾ ਗੁਰੂ ਆਦਿ ਪੁਲਿਸ ਦੇ ਉੱਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜੰਡਿਆਲਾ ਗੁਰੂ ਸ਼ਹਿਰ ਵਿਖੇ ਅਮਨ ਸ਼ਾਂਤੀ ਦੀ ਸਥਿਤੀ ਅਤੇ ਮਾਹੌਲ ਠੀਕ ਬਣਾਈ ਰੱਖਣ ਲਈ ਪੰਜਾਬ ਪੁਲਿਸ ਅਤੇ ਸਪੈਸ਼ਲ ਆਪ੍ਰੇਸ਼ਨ ਗਰੁੱਪ ਵੱਲੋਂ ਇੱਕ ਵਿਸ਼ੇਸ਼ ਫਲੈਗ ਮਾਰਚ ਕੱਢਿਆ ਗਿਆ। ਇਸ ਮੌਕੇ ਤੇ ਏਐਸਆਈ ਲਖਵਿੰਦਰ ਸਿੰਘ, ਹੌਲਦਾਰ ਗੁਰਦਿਆਲ ਸਿੰਘ ਤੇ ਉਹਨਾਂ ਦੇ ਸਾਥੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੰਡਿਆਲਾ ਗੁਰੂ ਸ਼ਹਿਰ ਤੇ ਆਸ ਪਾਸ ਦੇ ਪਿੰਡਾਂ ਵਿੱਚ ਅਮਨ ਸ਼ਾਂਤੀ ਵਾਲਾ ਮਾਹੌਲ ਹੈ। ਉਹਨਾਂ ਕਿਹਾ ਕਿ ਫਲੈਗ ਮਾਰਚ ਕੱਢਣ ਦਾ ਮੁੱਖ ਮਕਸਦ ਇਹ ਹੈ ਕਿ ਲੋਕਾਂ ਦੇ ਮਨਾਂ ਵਿੱਚ ਸਹਿਮ ਦਾ ਮਾਹੌਲ ਪੈਦਾ ਨਾ ਹੋ ਸਕੇ ਤੇ ਆਮ ਆਦਮੀ ਆਪਣਾ ਜੀਵਨ ਖੁੱਲ੍ਹ ਕੇ ਜਿਊ ਸਕੇ।

### ਦਿੱਲੀ ਗੁਰਦੁਆਰਾ ਕਮੇਟੀ ਚੋਣਾਂ ਦਾ ਵਜਿਆ ਬਿਗਲ, ਸਿਰਸਾ, ਕਾਲਕਾ, ਕਾਹਲੋਂ ਨੇ ਕੀਤਾ

# ਬੀਬੀ ਰਣਜੀਤ ਦੇ ਦਫਤਰ ਦਾ ਉਦਘਾਟਨ



ਨਵੀਂ ਦਿੱਲੀ 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੇ ਕੈਬਿਨੇਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ, ਦਿੱਲੀ ਗੁਰਦੁਆਰਾ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦਿੱਲੀ ਦੇ ਸ਼ਾਹਪੁਰੇ ਵਿਖ਼ੇ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਦੇ ਦਫਤਰ ਦਾ ਉਦਘਾਟਨ ਕਰਕੇ ਗੁਰਦੁਆਰਾ ਚੋਣਾਂ ਦਾ ਬਿਗਲ ਵਜਾ ਦਿੱਤਾ ਹੈ। ਇਸ ਮੌਕੇ ਸਰਦਾਰ ਕਾਹਲੋਂ ਨੇ ਦਿੱਲੀ ਕਮੇਟੀ ਦੀਆਂ ਪ੍ਰਾਪਤੀਆਂ ਬਾਰੇ ਹਾਜ਼ਰੀਨ ਸੰਗਤਾਂ ਨੂੰ ਵਿਸਥਾਰ ਨਾਲ ਦਸਿਆ ਸੀ ਉਪਰੰਤ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਉਨ੍ਹਾਂ ਵਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਦਸਿਆ। ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਵੀ ਕਮੇਟੀ ਦੇ ਕਾਰਜਾਂ ਦੇ ਨਾਲ ਬੀਬੀ ਰਣਜੀਤ ਕੌਰ ਵਲੋਂ ਕੀਤੀ ਜਾ ਰਹੀ ਸਮਾਜਸੇਵਾ ਬਾਰੇ ਦਸਿਆ ਉਪਰੰਤ ਇੰਨ੍ਹਾ ਵਲੋਂ ਰਿਬਨ ਕੱਟਕੇ ਦਫਤਰ ਦਾ ਉਦਘਾਟਨ ਕੀਤਾ ਗਿਆ। ਇਥੇ ਦਸਣਯੋਗ ਹੈ ਕਿ ਬੀਬੀ ਰਣਜੀਤ ਕੌਰ ਨੇ ਸਿੱਖਾਂ ਦੇ ਰਾਮਗੜ੍ਹੀਆ ਕੋ ਆਪ੍ਰੇਟਿਵ ਬੈਂਕ ਨੂੰ ਵਡੀ ਮਿਹਨਤ ਕਰਕੇ ਬੰਦ ਹੋਣ ਤੋਂ ਬਚਾਇਆ ਹੈ ਜਿਸ ਬਾਰੇ ਸਮੂਹ ਬੁਲਾਰੇਆ ਨੇ ਉਨ੍ਹਾਂ ਦੀ ਇਸ ਘਾਲਣਾ ਦਾ ਜਿਕਰ ਕੀਤਾ ਸੀ। ਬੀਬੀ ਰਣਜੀਤ ਕੌਰ ਆਪਣੇ ਇਲਾਕੇ ਅੰਦਰ ਹਰਮਨਪਿਆਰੇ ਸਿੱਖ ਨੇਤਾ ਹਨ ਜੋ ਹਰ ਕਿਸੇ ਦੇ ਸੁਖ ਦੁੱਖ ਵਿਚ ਸ਼ਾਮਿਲ ਹੁੰਦੇ ਹਨ ਤੇ ਲੋੜਵੰਦ ਪਰਿਵਾਰਾਂ ਦੀ ਮਦਦ ਕਰਣ ਤੋਂ ਪਿੱਛੇ ਨਹੀਂ ਹਟਦੇ ਹਨ। ਇਸ ਸਮੇਂ ਓਹ ਦਿੱਲੀ

ਆਵਾਜ਼ਿ ਕੌਮ AWAZE QAUM International Newspaper & WEB TV

ਕਮੇਟੀ ਅਧੀਨ ਚਲ ਰਹੇ ਗੁਰੂ ਤੇਗ ਬਹਾਦਰ ਕੌਲਜ ਦੇ ਚੇਅਰਮੈਨ ਵੀ ਹਨ। ਇਸ ਮੌਕੇ ਬੀਬੀ ਰਣਜੀਤ ਕੌਰ ਵਲੋਂ ਇਲਾਕੇ ਦੇ ਕੁਝ ਸੱਜਣਾ ਨੂੰ ਪਾਰਟੀ ਵਿਚ ਸ਼ਾਮਿਲ ਕਰਵਾਇਆ ਗਿਆ ਸੀ ਜਿਨ੍ਹਾਂ ਨੂੰ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸਨਮਾਨਿਤ ਕਰਦਿਆਂ ਜੀਅ ਆਇਆ ਆਖਿਆ ਸੀ। ਬੀਬੀ ਰਣਜੀਤ ਕੌਰ ਦੇ ਦਫਤਰ ਦੇ ਉਦਘਾਟਨ ਮੌਕੇ ਮਨਜਿੰਦਰ ਸਿੰਘ ਸਿਰਸਾ, ਹਰਮੀਤ ਸਿੰਘ ਕਾਲਕਾ, ਜਗਦੀਪ ਸਿੰਘ ਕਾਹਲੋਂ, ਗੁਰਮੀਤ ਸਿੰਘ ਭਾਟੀਆ, ਸੁਖਦੇਵ ਸਿੰਘ ਰਾਇਤ, ਹਰਮਿੰਦਰ ਸਿੰਘ, ਕੌਂਸਲਰ ਬੀਬੀ ਸ਼ਿਲਪੀ ਕੌਰ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ। ਪ੍ਰੋਗਰਾਮ ਦੌਰਾਨ ਬੀਬੀ ਰਣਜੀਤ ਕੌਰ ਵਲੋਂ ਹਾਜ਼ਰੀ ਭਰ ਰਹੇ ਪਤਵੰਤੇ ਸੱਜਣਾ ਦਾ ਸਨਮਾਨ ਕੀਤਾ ਗਿਆ ਤੇ ਅੰਤ ਵਿਚ ਉਨ੍ਹਾਂ ਵਲੋਂ ਇਸ ਮੌਕੇ ਹਾਜ਼ਿਰੀ ਭਰ ਕੇ ਉਨ੍ਹਾਂ ਦਾ ਉਤਸ਼ਾਹ ਵਧਾਉਣ ਲਈ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਗਿਆ ਸੀ।

### ਭਾਰਤ ਸਰਕਾਰ ਨੇ ਪਾਕਿਸਤਾਨ ਜਾਣ ਵਾਲੇ ਯਾਤਰੂਆਂ ਉਪਰ ਲਗਾਇਆ ਦਾਖ਼ਲਾ ਫੀਸ

# ਐਡਵੋਕੇਟ ਧਾਮੀ ਵਲੋਂ ਦਾਖ਼ਲਾ ਫੀਸ ਵਾਪਿਸ ਲੈਣ ਦੀ ਮੰਗ

ਨਵੀਂ ਦਿੱਲੀ, 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਸਰਕਾਰ ਵੱਲੋਂ ਪਾਕਿਸਤਾਨ ਜਾਣ ਵਾਲੇ ਯਾਤਰੂਆਂ ਤੋਂ ਦਾਖ਼ਲਾ

ਆਵਾਜ਼ਿ ਕੌਮ AWAZE QAUM International Newspaper & WEB TV



ਫੀਸ ਲਏ ਜਾਣ ਦੇ ਫੈਸਲੇ 'ਤੇ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਨੂੰ ਇਸ ਫੈਸਲੇ ਤੋਂ ਬਾਹਰ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਜਾਣਾ ਹਰ ਸਿੱਖ ਦੀ ਆਸਥਾ ਹੈ। ਸਰਕਾਰ ਵੱਲੋਂ ਕੀਤੇ ਅਜਿਹੇ ਫੈਸਲੇ ਨਾਲ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਸਿੱਖ ਸ਼ਰਧਾਲੂਆਂ 'ਤੇ ਵੀ ਅਸਰ ਪਵੇਗਾ। ਐਡਵੋਕੇਟ ਧਾਮੀ ਨੇ ਕਿਹਾ ਕਿ ਮਿਲੀ ਜਾਣਕਾਰੀ ਅਨੁਸਾਰ ਭਾਰਤ ਸਰਕਾਰ ਨੇ ਪਾਕਿਸਤਾਨ ਜਾਣ ਵਾਲੇ ਯਾਤਰੂਆਂ ਤੋਂ 200 ਰੁਪਏ ਜਾਣ ਅਤੇ 200 ਰੁਪਏ ਆਉਣ ਸਮੇਂ ਦਾਖ਼ਲਾ ਫੀਸ ਲੈਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਵੰਡ ਸਮੇਂ ਵਿਛੜ ਗਏ ਗੁਰਧਾਮਾਂ ਦੇ ਦਰਸ਼ਨਾਂ ਦੀ ਤਾਂਘ ਹਰ ਸਿੱਖ ਦੇ ਮਨ ਵਿਚ ਹਮੇਸ਼ਾ ਰਹਿੰਦੀ ਹੈ, ਜਿਸ ਲਈ ਸੰਗਤਾਂ ਅਰਦਾਸ ਕਰਦੀਆਂ ਹਨ। ਸੰਗਤ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਗੁਰਪੁਰਬ ਅਤੇ ਇਤਿਹਾਸਕ ਦਿਹਾੜਿਆਂ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦੇ ਜਥੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਭੇਜੇ ਜਾਂਦੇ ਹਨ। ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਤੋਂ ਦਾਖ਼ਲਾ ਫੀਸ ਵਸੂਲੇ ਜਾਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਤੋਂ ਪਾਕਿਸਤਾਨ ਸਰਕਾਰ ਵੱਲੋਂ ਲਈ ਜਾਂਦੀ 20 ਡਾਲਰ ਫੀਸ ਨੂੰ ਖ਼ਤਮ ਕੀਤੇ ਜਾਣ ਦੀ ਮੰਗ ਕਰਦੀ ਆ ਰਹੀ ਹੈ। ਹੁਣ ਭਾਰਤ ਸਰਕਾਰ ਵੱਲੋਂ ਕੀਤੇ ਗਏ ਨਵੇਂ ਫੈਸਲੇ ਨਾਲ ਸਿੱਖ ਸ਼ਰਧਾਲੂ ਪ੍ਰਭਾਵਿਤ ਹੋਣਗੇ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਅਜਿਹਾ ਕੋਈ ਵੀ ਫੈਸਲਾ ਲਾਗੂ ਨਾ ਕੀਤਾ ਜਾਵੇ, ਜਿਸ ਨਾਲ ਸਿੱਖ ਸ਼ਰਧਾਲੂਆਂ ਦੀ ਆਸਥਾ ਨੂੰ ਸੱਟ ਵੱਜੇ। ਉਨ੍ਹਾਂ ਸਰਕਾਰ ਨੂੰ ਤਾਜ਼ਾ ਫੈਸਲਾ ਤੁਰੰਤ ਵਾਪਸ ਲੈਣ ਦੀ ਅਪੀਲ ਵੀ ਕੀਤੀ।

# 2027 'ਚ ਬਣੇਗੀ ਨਰੋਲ ਬੀਜੇਪੀ ਦੀ ਸਰਕਾਰ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਧੂਰੀ ਹਲਕੇ ਵਿੱਚ ਭਾਜਪਾ ਪਰਿਵਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸੇ ਹੀ ਤਹਿਤ ਪਿੰਡ ਫਰਵਾਹੀ ਤੋਂ ਆਮ ਆਦਮੀ ਪਾਰਟੀ ਤੇ ਕਾਂਗਰਸ ਪਾਰਟੀ ਤੋਂ ਬਾਬਾ ਪਰਗਟ ਸਿੰਘ ਬਾਗੜੀ,ਸਾਬਕਾ ਮੈਂਬਰ ਜਰਨੈਲ ਸਿੰਘ,ਸਰਬਜੀਤ ਸਿੰਘ,ਭਜਨ ਸਿੰਘ ਗੁਰਦੁਆਰਾ ਕਮੇਟੀ ਪ੍ਰਧਾਨ,ਜਸਵੀਰ ਸਿੰਘ ਜੱਸਾ ,ਚਰਨਜੀਤ ਚੰਨੀ,ਭੋਲਾ ਸਿੰਘ,ਬੱਗਾ ਸਿੰਘ,ਅਮਰਜੀਤ ਸਿੰਘ,ਠਾਕੁਰ ਜੁਨਾਰਦਨ ਸਿੰਘ ਅਤੇ ਆਤਮਾ ਸਿੰਘ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਿਲ ਹੋਏ, ਸਾਮਿਲ ਹੋਏ ਆਗੂਆਂ ਨੂੰ ਪ੍ਰੋ ਓਂਕਾਰ ਸਿੰਘ ਸਿੱਧੂ ਨੇ ਸਿਰੋਪਾ ਪਾ ਕੇ ਸਨਮਾਨਿਤ ਕੀਤਾ ਅਤੇ ਕਿਹਾ ਕਿ ਪਾਰਟੀ ਸ਼ਾਮਿਲ ਹੋਣ ਵਾਲੇ ਆਗੂਆਂ ਨੂੰ ਪਾਰਟੀ ਵਿੱਚ ਪੂਰਾ ਬਣਦਾ ਮਾਨ ਸਤਿਕਾਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ 2027 ਦੇ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣਗੇ ਅਤੇ ਪੰਜਾਬ ਨੂੰ ਹੋਰ ਤਰੱਕੀ ਦੀਆਂ ਲੀਹਾਂ ਤੇ ਲੈ ਕੇ ਜਾਣ ਵਿੱਚ ਆਪਣਾ ਯੋਗਦਾਨ ਪਾਉਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਨ ਕਾਨੂੰਨ ਦੀ ਬਹਾਲੀ ਅਤੇ ਵਿਕਾਸ ਦੇ ਮੁੱਦੇ 'ਤੇ 'ਆਪ' ਸਰਕਾਰ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ- ਗੁਰਬਾਜ਼ ਸਿੰਘ ਸਿੱਧੂ



**ਤਲਵੰਡੀ ਸਾਬੋ, 01 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- 2022 ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੱਡੇ ਵੱਡੇ ਦਾਅਵਿਆਂ ਤੇ ਵਾਇਦਿਆਂ ਨਾਲ ਪੰਜਾਬ ਦੀ ਸੱਤਾ ਤੱਕ ਪਹੁੰਚੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਵਾ ਚਾਰ ਸਾਲ ਦੇ ਕਾਰਜਕਾਲ ਉਪਰੰਤ ਇਹ ਗੱਲ ਕਹਿਣ ਚ ਕੋਈ ਗੁਰੇਜ਼ ਨਹੀ ਹੋਣਾ ਚਾਹੀਦਾ ਕਿ ਅਮਨ ਕਾਨੂੰਨ ਦੀ ਬਹਾਲੀ ਤੇ ਵਿਕਾਸ ਦੇ ਮੁੱਦੇ ਤੇ ਇਹ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੀ ਰਾਜਨੀਤੀ :ਚ ਕਾਂਗਰਸ ਪਾਰਟੀ ਵੱਲੋਂ ਸਰਗਰਮ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ। ਸਿੱਧੂ ਜੋ ਕਿ ਅੱਜ ਵੀ ਹਲਕੇ ਦੇ ਪਿੰਡਾਂ ਦੇ ਦੌਰੇ ਤੇ ਪੁੱਜੇ ਹੋਏ ਸਨ ਨੇ ਵਰਕਰਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਸ਼ਮੂਲੀਅਤ ਅਤੇ ਪਿੰਡ ਸ਼ੇਖਪੁਰਾ ਦੇ ਉਦਾਸੀਨ ਆਸ਼ਰਮ 'ਚ ਧਾਰਮਿਕ ਸਮਾਗਮ 'ਚ ਹਾਜ਼ਰੀ ਲਵਾਉਣ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਅੰਦਰ ਸਵਾ ਚਾਰ ਸਾਲ 'ਚ ਗੈਂਗਸਟਰਾਂ ਦਾ ਬੋਲਬਾਲਾ ਇੰਨਾ ਵਧ ਗਿਆ ਹੈ ਕਿ ਉਨਾਂ ਨੂੰ ਕਿਸੇ ਦਾ ਖੌਫ ਨਜ਼ਰ ਨਹੀ ਆ ਰਿਹਾ। ਵਪਾਰੀਆਂ/ਦੁਕਾਨਦਾਰਾਂ ਨੂੰ ਧਮਕੀਆਂ ਤਾਂ ਆਮ ਗੱਲ ਹੋ ਹੀ ਗਈ ਸਗੋਂ ਪੁਲਿਸ ਥਾਣੇ ਤੱਕ ਸੁਰੱਖਿਅਤ ਨਹੀ ਤੇ ਇਸ ਸਰਕਾਰ ਦੇ ਰਾਜ 'ਚ ਥਾਣਿਆਂ ਤੇ ਗ੍ਰਨੇਡ ਹਮਲਿਆਂ ਦੀਆਂ ਘਟਨਾਵਾਂ ਦੇਖਣ ਨੂੰ ਮਿਲ ਰਹੀਆਂ ਹਨ ਜੋ ਅਮਨ ਕਾਨੂੰਨ ਦੀ ਬਦਤਰ ਹਾਲਤ ਦੀਆਂ ਸਬੂਤ ਹਨ। ਸਿੱਧੂ ਨੇ ਇਸ ਮੌਕੇ ਕਿਹਾ ਕਿ ਇਸੇ ਤਰ੍ਹਾਂ ਵਿਕਾਸ ਪੱਖੋਂ ਸਰਕਾਰ ਫਾਡੀ ਸਾਬਿਤ ਹੋਈ ਹੈ ਤੇ ਵਿਕਾਸ ਕਰਵਾਉਣ ਦੀਆਂ ਗੱਲਾਂ ਸਿਰਫ ਕਾਗਜ਼ਾਂ ਤੱਕ ਹੀ ਸੀਮਿਤ ਹਨ ਜਦੋਂਕਿ ਪਿੰਡਾਂ/ਸ਼ਹਿਰਾਂ ਚ ਬੁਨਿਆਦੀ ਸਹੂਲਤਾਂ ਦੀ ਪੂਰਤੀ ਲਈ ਵੀ ਫੰਡ ਜਾਰੀ ਨਹੀ ਕੀਤੇ ਜਾ ਰਹੇ। ਸਿੱਧੂ ਨੇ ਕਿਹਾ ਕਿ ਹੁਣ ਜਦੋਂ ਅਗਲੀਆਂ ਚੋਣਾਂ ਨੇੜੇ ਆਉਦੀਆਂ ਜਾ ਰਹੀਆਂ ਹਨ ਤਾਂ 'ਆਪ' ਆਗੂ ਫਿਰ ਤੋਂ ਲੋਕ ਲੁਭਾਊ ਵਾਇਦੇ ਕਰ ਰਹੇ ਹਨ ਪਰ ਕਾਠ ਦੀ ਹਾਂਡੀ ਵਾਰ ਵਾਰ ਨਹੀ ਚੜਦੀ ਹੁੰਦੀ। ਸਿੱਧੂ ਨਾਲ ਇਸ ਮੌਕੇ ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ, ਮਨਪ੍ਰੀਤ ਸਿੰਘ ਧਾਲੀਵਾਲ ਸ਼ੇਖਪੁਰਾ, ਗੁਰਜੀਤ ਸਿੰਘ ਰੋਮਾਣਾ ਸਾਬਕਾ ਪ੍ਰਧਾਨ ਯੂਥ ਕਾਂਗਰਸ, ਬਹਾਦਰ ਸਿੰਘ ਸਾਬਕਾ ਸਰਪੰਚ ਲੇਲੇਵਾਲਾ, ਬਲਵੰਤ ਸਿੰਘ ਲੇਲੇਵਾਲਾ, ਕ੍ਰਿਸ਼ਨ ਯਾਦਵ, ਚਰਨਾ ਨਵਾਂ ਪਿੰਡ, ਗੋਰਾ ਵਕੀਲ ਲਾਲੇਆਣਾ, ਸੁਰਜੀਤ ਸ਼ਿੰਦੀ ਜਗਾ, ਹੈਪੀ ਬਹਿਮਣ, ਗੁਰਦਿੱਤਾ ਸਿੰਘ ਸੀਂਗੋ ਆਦਿ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੋਦੀ ਸਰਕਾਰ ਨੇ ਪੈਟਰੋਲ-ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾ ਕੇ ਲੋਕਾਂ ਨੂੰ ਵੱਡੀ ਰਾਹਤ : ਦਿਓਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਕੇਂਦਰ ਸਰਕਾਰ ਵੱਲੋਂ ਪਿਛਲੇ ਦਿਨੀਂ ਪੈਟਰੋਲ ਅਤੇ ਡੀਜ਼ਲ 'ਤੇ ਲੱਗੀ ਐਕਸਾਈਜ਼ ਡਿਊਟੀ ਵਿੱਚ ਕੀਤੀ ਕਟੌਤੀ ਨਾਲ ਆਮ ਜਨਤਾ ਨੂੰ ਵੱਡੀ ਰਾਹਤ ਮਿਲੀ ਹੈ। ਕੇਂਦਰ ਦੀ ਮੋਦੀ ਸਰਕਾਰ ਦਾ ਇਹ ਫੈਸਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਰਣਦੀਪ ਸਿੰਘ ਦਿਓਲ ਹਲਕਾ ਇੰਚਾਰਜ ਧੂਰੀ ਨੇ ਨੇੜਲੇ ਪਿੰਡ ਬੁਗਰਾ ਵਿਖੇ ਵੱਡੀ ਗਿਣਤੀ ਵਿੱਚ ਆਗੂਆਂ ਨੂੰ ਬੀਜੇਪੀ ਵਿੱਚ ਸ਼ਾਮਿਲ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਹਮੇਸ਼ਾ ਲੋਕ-ਹਿਤ ਨੂੰ ਪਹਿਲ ਦੇਂਦੀ ਆਈ ਹੈ ਅਤੇ ਇਹ ਫੈਸਲਾ ਆਮ ਲੋਕਾਂ ਲਈ ਵੱਡੀ ਰਾਹਤ ਲੈ ਕੇ ਆਇਆ ਹੈ। ਉਨ੍ਹਾਂ ਕਿਹਾ ਕਿ ਇੰਧਨ ਦੀਆਂ ਕੀਮਤਾਂ ਘਟਣ ਨਾਲ ਮਹਿੰਗਾਈ 'ਤੇ ਵੀ ਕਾਬੂ ਪੈਣ ਵਿੱਚ ਮਦਦ ਮਿਲੇਗੀ, ਜਿਸ ਦਾ ਸਿੱਧਾ ਲਾਭ ਹਰ ਵਰਗ ਨੂੰ ਹੋਵੇਗਾ। ਮੌਜੂਦਾ ਸਮੇਂ ਵਿੱਚ ਦੁਨੀਆ ਭਰ ਵਿੱਚ ਤਣਾਅਪੂਰਨ ਹਾਲਾਤ ਬਣੇ ਹੋਏ ਹਨ, ਖਾਸ ਕਰਕੇ ਈਰਾਨ, ਇਜ਼ਰਾਇਲ ਅਤੇ ਅਮਰੀਕਾ ਦੇ ਵਿਚਕਾਰ ਵਧ ਰਹੇ ਤਣਾਅ ਨੂੰ ਦੇਖਦੇ ਹੋਏ ਕੇਂਦਰ ਸਰਕਾਰ ਪੂਰੀ ਤਰ੍ਹਾਂ ਸਚੇਤ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਊਰਜਾ ਸੁਰੱਖਿਆ ਅਤੇ ਆਰਥਿਕ ਸਥਿਰਤਾ ਨੂੰ ਬਰਕਰਾਰ ਰੱਖਣ ਲਈ ਤੇਲ ਸਪਲਾਈ ਦੇ ਵੱਖ-ਵੱਖ ਸਰੋਤਾਂ 'ਤੇ ਕੰਮ ਕੀਤਾ ਜਾ ਰਿਹਾ ਹੈ ਅਤੇ ਰਣਨੀਤਿਕ ਭੰਡਾਰ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅੰਤਰਰਾਸ਼ਟਰੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਤਾਂ ਜੋ ਭਾਰਤ 'ਤੇ ਕਿਸੇ ਵੀ ਤਰ੍ਹਾਂ ਦਾ ਨਕਾਰਾਤਮਕ ਅਸਰ ਨਾ ਪਵੇ। ਇਸ ਦੇ ਨਾਲ ਹੀ ਦੇਸ਼ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰਾਜਨੀਤਿਕ ਅਤੇ ਕੂਟਨੀਤਿਕ ਪੱਧਰ 'ਤੇ ਵੀ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਇਹ ਫੈਸਲੇ ਸਾਬਤ ਕਰਦੇ ਹਨ ਕਿ ਸਰਕਾਰ ਹਰ ਹਾਲਾਤ ਵਿੱਚ ਦੇਸ਼ ਅਤੇ ਦੇਸ਼ਵਾਸੀਆਂ ਦੇ ਹਿੱਤਾਂ ਨੂੰ ਪਹਿਲ ਦਿੰਦੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਦੇ ਲੋਕ-ਹਿਤੈਸ਼ੀ ਕਦਮ ਚੁੱਕੇ ਜਾਂਦੇ ਰਹਿਣਗੇ।ਇਸ ਮੌਕੇ ਜਗਦੀਪ ਸਿੰਘ ਗੱਗੂ ਤੂਰ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਕਮੇਟੀ ਵੱਲੋਂ ਅੰਮ੍ਰਿਤਧਾਰੀ ਬੱਚਿਆਂ ਨੂੰ 2 ਕਰੋੜ 28 ਲੱਖ ਰੁਪਏ ਦੇ ਵਜੀਫੇ ਜਾਰੀ

# ਐਡਵੋਕੇਟ ਧਾਮੀ ਨੇ ਵਿਦਿਅਕ ਅਦਾਰਿਆਂ ਦੇ ਮੁਖੀਆਂ ਨੂੰ ਸੌਂਪੇ ਵਜੀਫਾ ਰਾਸ਼ੀ ਦੇ ਚੈੱਕ



**ਨਵੀਂ ਦਿੱਲੀ, 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਦਿਅਕ ਅਦਾਰਿਆਂ ਵਿਚ ਪੜ੍ਹ ਰਹੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਾਲ 2025-26 ਲਈ 2 ਕਰੋੜ 28 ਲੱਖ 98 ਹਜ਼ਾਰ 500 ਰੁਪਏ ਦੀ ਵਜੀਫਾ ਰਾਸ਼ੀ ਦਿੱਤੀ ਗਈ ਹੈ। ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਵਜੀਫ਼ਾ ਰਾਸ਼ੀ ਦੇ ਚੈੱਕ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਿਦਿਅਕ ਅਦਾਰਿਆਂ ਦੇ ਨੁਮਾਇੰਦਿਆਂ ਨੂੰ ਸੌਂਪੇ।ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਹਮੇਸ਼ਾ ਕਾਰਜਸ਼ੀਲ ਰਹੀ ਹੈ। ਜਿਥੇ ਦੇਸ਼ ਭਰ ਅੰਦਰ ਗੁਰਮਤਿ ਸਮਾਗਮਾਂ ਰਾਹੀਂ ਸਿੱਖੀ ਪ੍ਰਚਾਰ ਕੀਤਾ ਜਾਂਦਾ ਹੈ, ਉਥੇ ਹੀ ਧਰਮ ਪ੍ਰਚਾਰ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਲਈ ਵਜੀਫਾ ਰਾਸ਼ੀ ਦੀ ਯੋਜਨਾ ਵੀ ਚਲਾਈ ਜਾ ਰਹੀ ਹੈ।ਇਸ ਤਹਿਤ ਹਰ ਸਾਲ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਫੀਸਾਂ ਲਈ ਕਰੋੜਾਂ ਰੁਪਏ ਵਜੀਫੇ ਵਜੋਂ ਦਿੱਤੇ ਜਾਂਦੇ ਹਨ। ਇਸ ਵਾਰ 3743 ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ 2 ਕਰੋੜ 28 ਲੱਖ 98 ਹਜ਼ਾਰ 500 ਰੁਪਏ ਦੀ ਰਾਸ਼ੀ ਵੰਡੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਧਾਰਮਿਕ ਪ੍ਰੀਖਿਆ ਰਾਹੀਂ ਵੀ ਵਿਸ਼ੇਸ਼ ਤੌਰ 'ਤੇ ਵਜੀਫੇ ਦਿੱਤੇ ਜਾਂਦੇ ਹਨ। ਉਨ੍ਹਾਂ ਵਜੀਫਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਗੁਰਸਿੱਖੀ ਜੀਵਨ ਵਿਚ ਪ੍ਰਪੱਕ ਰਹਿਣ ਲਈ ਪ੍ਰੇਰਣਾ ਕੀਤੀ। ਉਨ੍ਹਾਂ ਸੰਗਤ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਬਾਣੀ ਅਤੇ ਬਾਣੇ ਨਾਲ ਜੋੜਨ, ਤਾਂ ਜੋ ਇਨ੍ਹਾਂ ਯੋਜਨਾਵਾਂ ਦਾ ਵੱਧ ਤੋਂ ਵੱਧ ਨੌਜੁਆਨ ਲਾਭ ਲੈ ਸਕਣ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ, ਡਾ. ਗੁਰਜੀਤ ਸਿੰਘ, ਡਾ. ਰੁਪਿੰਦਰ ਸਿੰਘ, ਬੀਬੀ ਮਨਿੰਦਰਪਾਲ ਕੌਰ, ਸ੍ਰੀਮਤੀ ਮਮਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਜੋਗੇਸ਼ਵਰ ਸਿੰਘ, ਚੀਫ਼ ਅਕਾਊਂਟੈਂਟ ਸ. ਮਨਿੰਦਰਪਾਲ ਸਿੰਘ ਆਦਿ ਮੌਜੂਦ ਸਨ।

### "ਮੇਰਾ ਘਰ ਮੇਰੇ ਨਾਮ" ਤਹਿਤ ਪ੍ਰੋਫੈਸਰ ਬਲਜਿੰਦਰ ਕੌਰ ਨੇ

# ਪਿੰਡ ਗਾਟਵਾਲੀ ਵਿੱਚ 264 ਘਰਾਂ ਨੂੰ ਸੌਂਪੇ ਪੱਤਰ





**ਤਲਵੰਡੀ ਸਾਬੋ, 01 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਆਮ ਆਦਮੀ ਪਾਰਟੀ ਵਲੋਂ ਚੋਣਾਂ ਤੋਂ ਪਹਿਲਾਂ ਵੋਟਰਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਦੇ ਹੋਏ 'ਮੇਰਾ ਘਰ ਮੇਰੇ ਨਾਮ' ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਲਾਲ ਲਕੀਰ ਦੇ ਅੰਦਰ ਬਣੇ ਮਕਾਨਾਂ ਦੀ ਰਜਿਸਟਰੀ ਕਰਵਾਉਣ ਦੀ ਪ੍ਰਕਿਰਿਆ ਤੇਜ਼ੀ ਨਾਲ ਜਾਰੀ ਹੈ। ਇਸੇ ਤਹਿਤ ਅੱਜ ਚੀਫ਼ ਵਿਪ ਅਤੇ ਹਲਕਾ ਵਿਧਾਇਕਾ ਤਲਵੰਡੀ ਸਾਬੋ ਪ੍ਰੋ. ਬਲਜਿੰਦਰ ਕੌਰ ਵੱਲੋਂ ਪਿੰਡ ਗਾਟਵਾਲੀ ਵਿਖੇ 264 ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਦੇ ਪੱਤਰ ਸੌਂਪੇ ਗਏ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਲੋਕਾਂ ਲਈ ਇੱਕ ਇਤਿਹਾਸਕ ਕਦਮ ਹੈ, ਜਿਸ ਨਾਲ ਸਾਲਾਂ ਤੋਂ ਲਾਲ ਲਕੀਰ ਦੇ ਅੰਦਰ ਰਹਿੰਦੇ ਪਰਿਵਾਰਾਂ ਨੂੰ ਆਪਣੇ ਘਰਾਂ ਦੀ ਕਾਨੂੰਨੀ ਮਲਕੀਅਤ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਇਹ ਲੋਕ ਆਪਣੇ ਘਰਾਂ ਦੇ ਮਾਲਕ ਨਹੀਂ ਸਨ, ਜਿਸ ਕਾਰਨ ਉਨ੍ਹਾਂ ਨੂੰ ਕਈ ਪ੍ਰਕਾਰ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਸਰਕਾਰ ਵੱਲੋਂ ਇਹ ਵੱਡੀ ਸਮੱਸਿਆ ਹੱਲ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਪਿਛਲੇ ਚਾਰ ਸਾਲਾਂ ਦੌਰਾਨ ਸਿੱਖਿਆ, ਸਿਹਤ, ਬਿਜਲੀ ਅਤੇ ਹੋਰ ਬੁਨਿਆਦੀ ਸਹੂਲਤਾਂ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕ ਭਲਾਈ ਦੀਆਂ ਯੋਜਨਾਵਾਂ ਜਾਰੀ ਰਹਿਣਗੀਆਂ। ਇਸ ਮੌਕੇ ਪਿੰਡ ਵਾਸੀਆਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਹੁਣ ਉਹ ਆਪਣੇ ਘਰਾਂ ਦੇ ਅਸਲੀ ਮਾਲਕ ਬਣ ਗਏ ਹਨ, ਜਿਸ ਨਾਲ ਉਨ੍ਹਾਂ ਨੂੰ ਆਤਮ-ਵਿਸ਼ਵਾਸ ਅਤੇ ਸੁਰੱਖਿਆ ਦੀ ਭਾਵਨਾ ਮਿਲੀ ਹੈ।ਸਮਾਗਮ ਦੌਰਾਨ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਵੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵਿੰਦਰ ਕੌਰ ਸਰਪੰਚ ਜਗਾ, ਹਰਜੀਤ ਸਿੰਘ ਸਰਾਂ, ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ, ਬਲਾਕ ਪ੍ਰਧਾਨ ਮਹਿਲਾ ਵਿੰਗ ਰਣਜੀਤ ਕੌਰ ਨਥੇਹਾ, ਵਾਈਸ ਚੇਅਰਮੈਨ ਮਹਿਮਾ ਸਿੰਘ ਕੌਰੇਆਣਾ, ਕੇਵਲ ਸਿੰਘ ਆਦਿ ਹਾਜ਼ਰ ਸਨ।

# ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਦੇ ਪਿਤਾ ਜਥੇਦਾਰ ਪਾਲ ਸਿੰਘ ਫੌਜੀ ਡੇਹਰੀਵਾਲਾ ਅੰਤਿਮ ਅਰਦਾਸ ਅਤੇ ਭੋਗ ਅੱਜ

ਚੌਕ ਮਹਿਤਾ, 31ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਤਰਸਿੱਕਾ ਵਾਲਿਆਂ ਦੇ ਪਿਤਾ ਸਤਿਕਾਰ ਯੋਗ ਪਿਤਾ ਜਥੇਦਾਰ ਪਾਲ ਸਿੰਘ ਫੌਜੀ ਡੇਅਰੀਵਾਲ ਇਸ ਸੰਸਾਰ ਦੀ ਯਾਤਰਾ ਪੂਰੀ ਕਰਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਆਰੰਭ ਕੀਤੇ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ 2 ਅਪ੍ਰੈਲ 2026 ਦਿਨ ਵੀਰਵਾਰ ਨੂੰ ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਵਿੱਖੇ 11 ਤੋਂ 1 ਵਜੇ ਤੱਕ ਪੈਣਗੇ। ਉਪਰੰਤ ਕੀਰਤਨ ਕਥਾ ਵਿਚਾਰਾਂ ਦੀ ਵਿਦਵਾਨ ਸਾਂਝ ਪਾਉਣਗੇ। ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਵੱਲੋਂ ਅਤੇ ਸਮੂਹ ਪਰਿਵਾਰ ਵੱਲੋਂ ਰਿਸ਼ਤੇਦਾਰਾਂ, ਇਲਾਕੇ ਅਤੇ ਸਮੂਹ ਦੇਸ਼ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਵਿੱਖੇ ਪਾਉਚਣ ਦੀ ਕਿਰਪਾਲਤਾ ਕਰਨੀ ਜੀ। ਇਸ ਮੌਕੇ ਤੇ ਸੰਤ,ਮਹਾਂਪੁਰਖ, ਨਿਹੰਗ ਸਿੰਘ ਜਥੇਬੰਦੀਆਂ ਸਮਾਜ ਸੇਵੀ, ਰਾਜਨੀਤਕ ਪਾਰਟੀਆਂ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।( ਨੋਟ ਕਿਰਪਾ ਕਰਕੇ ਪੂਰੇ ਪੇਜ ਤੇ ਲਾਉ ਦਿਉ ਜੀ)





# ਜੰਡਿਆਲਾ ਗੁਰੂ ਹਲਕੇ ਦੇ ਪਿੰਡਾਂ ਚ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਕਾਸ ਕਾਰਜਾਂ ਦਾ ਕੀਤਾ ਗਿਆ ਉਦਘਾਟਨ ਤੇ ਜਨ ਸੰਵਾਦ



**ਜੰਡਿਆਲਾ ਗੁਰੂ 01 ਅਪ੍ਰੈਲ (ਕੁਲਵੰਤ ਸਿੰਘ ਵਿਰਦੀ )** - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡਾਂ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਸਭ ਤੋਂ ਪਹਿਲਾਂ ਪਿੰਡ ਨਿੱਜਰਪੁਰਾ ਵਿੱਚ 42 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੀ ਫਿਰਨੀ ਤੇ ਰਸਤਿਆਂ ਦੀ ਇੰਟਰਲੋਕ ਟਾਈਲਾਂ ਨਾਲ ਉਸਾਰੀ, ਪਿੰਡ ਧਾਰੜ ਵਿੱਚ 2 ਕਰੋੜ 52 ਲੱਖ ਰੁਪਏ ਦੀ ਲਾਗਤ ਨਾਲ ਅਤੇ ਪਿੰਡ ਮੱਲੀਆਂ ਵਿੱਚ 2 ਕਰੋੜ 15 ਲੱਖ 10 ਹਜ਼ਾਰ ਰੁਪਏ ਦੀ ਲਾਗਤ ਨਾਲ ਲਿੰਕ ਸੜਕਾਂ ਅਤੇ ਰਸਤਿਆਂ ਦੀ ਇੰਟਰਲੋਕ ਟਾਈਲ ਨਾਲ ਉਸਾਰੀ ਦੇ ਨੀਂਹ ਪੱਥਰ ਰੱਖੇ। ਇਨ੍ਹਾਂ ਤਿੰਨਾਂ ਪ੍ਰੋਜੈਕਟਾਂ 'ਤੇ ਕੁੱਲ 5 ਕਰੋੜ 9 ਲੱਖ 10 ਹਜ਼ਾਰ ਰੁਪਏ ਦੀ ਰਕਮ ਖਰਚ ਕੀਤੀ ਗਈ ਹੈ, ਜਿਸ ਨਾਲ ਪਿੰਡਾਂ ਦੀਆਂ ਸੜਕਾਂ ਅਤੇ ਆਵਾਜਾਈ ਸਹੂਲਤਾਂ ਵਿੱਚ ਵੱਡਾ ਸੁਧਾਰ ਆਵੇਗਾ।ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮਾਨ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣਾ ਅਤੇ ਪਿੰਡਾਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਉਣਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਵਿਕਾਸ ਯੋਜਨਾਵਾਂ ਦਾ ਲਾਭ ਲੈਣ ਅਤੇ ਆਪਣੇ ਇਲਾਕੇ ਦੇ ਵਿਕਾਸ ਵਿੱਚ ਸਹਿਯੋਗ ਦੇਣ ਉਨ੍ਹਾਂ ਨੇ ਲੋਕਾਂ ਨੂੰ ਇਹ ਵੀ ਭਰੋਸਾ ਦਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਵਿਕਾਸ ਕਾਰਜ ਜਾਰੀ ਰਹਿਣਗੇ ਅਤੇ ਹਰ ਪਿੰਡ ਨੂੰ ਸੁਧਰੇ ਹੋਏ ਢਾਂਚੇ ਨਾਲ ਜੋੜਿਆ ਜਾਵੇਗਾ।ਇਸ ਤੋਂ ਇਲਾਵਾ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਜਨ ਸੰਵਾਦ ਕਰਦਿਆਂ ਪੰਜਾਬ ਸਰਕਾਰ ਦੇ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਪ੍ਰਮੁੱਖ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਵੀ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਜਿਸ ਦੇ ਤਹਿਤ ਅੱਜ ਕਈ ਮਹੱਤਵਪੂਰਨ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ।

# ਭਾਰੀ ਮੀਂਹ ਤੇ ਗੜੇਮਾਰੀ ਕਾਰਨ ਕਿਸਾਨਾਂ ਨੂੰ ਵੱਡਾ ਨੁਕਸਾਨ, ਫਸਲ ਬੀਮਾ ਲਾਜ਼ਮੀ ਕੀਤਾ ਜਾਵੇ: ਰੱਤੋਕੇ



ਸੰਗਰੂਰ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਯੂਥ ਪ੍ਰਧਾਨ ਸੰਗਰੂਰ ਸਤਨਾਮ ਸਿੰਘ ਰੱਤੋਕੇ ਨੇ ਪੰਜਾਬ ਵਿੱਚ ਪਿਛਲੇ ਦਿਨਾਂ ਦੌਰਾਨ ਪਏ ਭਾਰੀ ਮੀਂਹ ਅਤੇ ਗੜੇਮਾਰੀ ਕਾਰਨ ਕਿਸਾਨਾਂ ਨੂੰ ਹੋਏ ਨੁਕਸਾਨ 'ਤੇ ਗੰਭੀਰ ਚਿੰਤਾ ਜ਼ਾਹਰ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਪੰਜਾਬ ਵਿੱਚ ਕਣਕ ਦੀ ਫਸਲ ਪੂਰੀ ਤਰ੍ਹਾਂ ਪੱਕਣ 'ਤੇ ਆ ਗਈ ਸੀ ਅਤੇ ਕਿਸਾਨ ਵਢਾਈ ਦੀ ਤਿਆਰੀ ਕਰ ਰਹੇ ਸਨ, ਪਰ ਅਚਾਨਕ ਹੋਈ ਗੜੇਮਾਰੀ ਅਤੇ ਤੇਜ਼ ਹਵਾਵਾਂ ਕਾਰਨ ਵੱਡੇ ਪੱਧਰ 'ਤੇ ਫਸਲ ਜ਼ਮੀਨ 'ਤੇ ਡਿੱਗ ਗਈ ਅਤੇ ਬਹੁਤ ਸਾਰੇ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪਿਆ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਪਹਿਲਾਂ ਹੀ ਕਰਜ਼ੇ ਅਤੇ ਵਧ ਰਹੀਆਂ ਲਾਗਤਾਂ ਦੇ ਬੋਝ ਹੇਠ ਦਬੇ ਹੋਏ ਹਨ, ਐਸੇ ਵਿੱਚ ਕੁਦਰਤੀ ਆਫ਼ਤਾਂ ਕਾਰਨ ਫਸਲ ਦਾ ਨੁਕਸਾਨ ਹੋਣਾ ਉਨ੍ਹਾਂ ਲਈ ਹੋਰ ਵੀ ਮੁਸ਼ਕਲ ਹਾਲਾਤ ਪੈਦਾ ਕਰ ਰਿਹਾ ਹੈ। ਸਤਿਨਾਮ ਸਿੰਘ ਰੱਤੋਕੇ ਨੇ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਪ੍ਰਭਾਵ ਨਾਲ ਖਰਾਬ ਹੋਈ ਫਸਲ ਦਾ ਸਹੀ ਰੇਟ ਤਹਿ ਕਰਕੇ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ, ਤਾਂ ਜੋ ਉਹ ਆਪਣਾ ਘਰ-ਪਰਿਵਾਰ ਚਲਾ ਸਕਣ ਅਤੇ ਅਗਲੀ ਫਸਲ ਦੀ ਤਿਆਰੀ ਕਰ ਸਕਣ। ਉਨ੍ਹਾਂ ਨੇ ਇਹ ਵੀ ਅਪੀਲ ਕੀਤੀ ਕਿ ਭਵਿੱਖ ਵਿੱਚ ਕਿਸਾਨਾਂ ਦੀ ਸੁਰੱਖਿਆ ਲਈ ਸਰਕਾਰ ਵੱਲੋਂ ਪੱਕੀ ਨੀਤੀ ਬਣਾਈ ਜਾਵੇ, ਜਿਸ ਤਹਿਤ ਜਦੋਂ ਵੀ ਕਿਸਾਨ ਆਪਣੀ ਫਸਲ ਬੀਜੇ, ਉਸ ਨੂੰ ਉਜਾੜ ਭੱਤਾ ਦਿੱਤਾ ਜਾਵੇ ਅਤੇ ਹਰ ਫਸਲ ਦਾ ਲਾਜ਼ਮੀ ਤੌਰ 'ਤੇ ਬੀਮਾ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਕੁਦਰਤੀ ਆਫ਼ਤਾਂ ਦੇ ਸਮੇਂ ਆਰਥਿਕ ਨੁਕਸਾਨ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸਮੇਂ ਸਿਰ ਕਿਸਾਨਾਂ ਦੀ ਮਦਦ ਨਾ ਕੀਤੀ ਤਾਂ ਪੰਜਾਬ ਦਾ ਅੰਨਦਾਤਾ ਹੋਰ ਮੁਸ਼ਕਲ ਹਾਲਾਤਾਂ ਵਿੱਚ ਫਸ ਸਕਦਾ ਹੈ, ਜਿਸ ਦਾ ਅਸਰ ਸੂਬੇ ਦੀ ਅਰਥਵਿਵਸਥਾ ਅਤੇ ਖਾਦ ਸੁਰੱਖਿਆ 'ਤੇ ਵੀ ਪਵੇਗਾ।

ਗੁਰਦੁਆਰਾ ਠਾਠ ਨਾਨਕਸਰ ਝਰੌਲੀ ਖੁਰਦ ਸ਼ਾਹਬਾਦ ਮਾਰਕੰਡਾ ਹਰਿਆਣਾ ਵਿਖੇ ਸਲਾਨਾ ਮਹਾਨ ਗੁਰਮਤਿ ਸਮਾਗਮ ਵਿਚ

# ਭਾਰੀ ਗਿਣਤੀ ਸੰਤਾਂ ਮਹਾਂਪੁਰਖਾਂ ਨੇ ਭਰੀ ਹਾਜ਼ਰੀ—ਸੰਗਤਾਂ ਦਾ ਆਇਆ ਹੜ੍ਹ

**ਫ਼ਿਰੋਜ਼ਪੁਰ, 01 ਅਪ੍ਰੈਲ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਝਰੌਲੀ ਖੁਰਦ ਸ਼ਾਹਬਾਦ ਮਾਰਕੰਡਾ ਹਰਿਆਣਾ ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਅਵਤਾਰ ਗੁਰਪੁਰਬ ਅਤੇ ਧੰਨ—ਧੰਨ ਬਾਬਾ ਈਸ਼ਰ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਲਾਨਾ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ 101 ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਚੱਲ ਰਹੀ ਇਕੋਤਰੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਭਾਰੀ ਗਿਣਤੀ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਖਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲੇ, ਸੰਤ ਬਾਬਾ ਸੇਵਾ ਸਿੰਘ ਨਾਨਕਸਰ ਕਲੇਰਾਂ ਵਾਲੇ, ਸੰਤ ਬਾਬਾ ਤਰਲੋਚਨ ਸਿੰਘ ਨਾਨਕਸਰ ਸਿੰਗੜਾਂ ਵਾਲੇ, ਸੰਤ ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ ਵਾਲੇ, ਸੰਤ ਬਾਬਾ ਲਖਬੀਰ ਸਿੰਘ ਨਾਨਕਸਰ ਵੜੈਚ, ਭਾਈ ਅਮਨਦੀਪ ਸਿੰਘ ਮਾਤਾ ਕਾਉਲਾ ਜੀ ਭਲਾਈ ਕੇਂਦਰ ਸ੍ਰੀ ਅੰਮ੍ਰਿਤਸਰ ਵਾਲੇ, ਸੰਤ ਬਾਬਾ ਗਗਨਦੀਪ ਸਿੰਘ ਨਾਨਕਸਰ ਸਿੰਗਲਾਂ ਵਾਲੇ, ਭਾਈ ਰਾਜਨਦੀਪ ਸਿੰਘ ਆਨੰਦਪੁਰ ਵਾਲੇ, ਸੰਤ ਬਾਬਾ ਹਰੀ ਸਿੰਘ ਹਰੀ ਪੱਤਨ ਵਾਲੇ, ਭਾਈ ਹਰਨਾਮ ਸਿੰਘ, ਭਾਈ ਗੁਰਮੇਲ ਸਿੰਘ ਅਰਜਨ, ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਾਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੰਬੂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਖੰਡੇ ਬਾਟੇ ਦਾ ਅੰਮ੍ਰਿਤ ਛਕਾਇਆ ਗਿਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਅਤੇ ਗੁਰਦੁਆਰਾ ਠਾਠ ਨਾਨਕਸਰ ਝਰੌਲੀ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਹੁਕਮਨਾਮੇ ਦੀ ਕਥਾ ਕਰਦਿਆਂ ਆਖਿਆ ਕਿ ਸਾਨੂੰ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨਾ ਚਾਹੀਦਾ ਹੈ। ਅੱਜ ਅਸੀਂ ਧੰਨ—ਧੰਨ ਬਾਬਾ ਨੰਦ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਤੋਂ ਵਰੋਸਾਏ ਧੰਨ—ਧੰਨ ਬਾਬਾ ਈਸ਼ਰ ਸਿੰਘ ਜੀ ਦਾ ਜਨਮ ਦਿਹਾੜਾ ਮਨਾ ਰਹੇ ਹਾਂ, ਜਿਨ੍ਹਾਂ ਨੇ ਸਾਰੀ ਉਮਰ ਸੰਗਤਾਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਵਾਲੇ ਬਣਾਇਆ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਇਸ ਧਰਤੀ ਨਾਮ ਦੇ ਆਸਰੇ ਖੜ੍ਹੀ ਹੈ, ਸਾਨੂੰ ਵੱਧ ਤੋਂ ਵੱਧ ਸਤਿਸੰਗ ਵਿਚ ਆਉਣਾ ਚਾਹੀਦਾ ਹੈ। ਸਤਸੰਗ ਆਉਣ ਵਾਲੇ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ ਅਤੇ ਤੁਹਾਡੀ ਚੁਰਾਸੀ ਕੱਟੀ ਜਾਂਦੀ ਹੈ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਦੂਰ—ਦੂਰ ਤੋਂ ਆਏ ਹੋਏ ਮਹਾਂਪੁਰਖਾਂ, ਰਾਗੀ ਜਥਿਆਂ ਦਾ ਜਿਨ੍ਹਾਂ ਨੇ 20 ਦਿਨ ਇਕ ਚੇਤਰ ਤੋਂ ਸ੍ਰੀ ਆਖੰਡ ਪਾਠਾਂ ਦੀ ਲੜੀ ਵਿਚ ਹਿੱਸਾ ਲਿਆ, ਜਿਨ੍ਹਾਂ ਨੇ ਰਾਤ—ਦਿਨ ਸੇਵਾ ਕੀਤੀ, ਉਨ੍ਹਾਂ ਦਾ ਵੀ ਜਿਨ੍ਹਾਂ ਦੋ ਦਿਨ ਆਪਣੇ—ਆਪਣੇ ਵਹੀਕਲ ਲਿਆ ਕੇ ਨਗਰ ਕੀਰਤਨ ਵਿਚ ਸ਼ਾਮਲ ਹੋਏ। ਇਸ ਤੋਂ ਇਲਾਵਾ ਫ਼ਿਰੋਜ਼ਪੁਰ ਦੀ ਸੰਗਤ ਦਾ ਜਿਨ੍ਹਾਂ ਨੇ ਇਥੇ ਪਹੁੰਚ ਕੇ ਹਾਜ਼ਰੀ ਭਰੀ। ਇਸ ਮੌਕੇ ਤੇ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿਚ ਸੰਗਤਾਂ ਦਾ ਚੈਕਅਪ ਹੋਇਆ। ਇਸ ਮੌਕੇ ਤੇ ਸਪੈਸ਼ਲ ਤੌਰ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਰਾਤ—ਦਿਨ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਨਾਮ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।








ਆਵਾਜ਼ਿ ਕੌਮ AWAZE QAUM International Newspaper & WEB TV

ਸੁਪਰ ਕਿੰਗ ਤਾਸ਼ ਸੀਪ ਕਮੇਟੀ ਨੇ ਚੌਥਾ ਤਾਸ਼ ਸੀਪ ਪੰਜਾਬ ਕੱਪ ਕਰਵਾਇਆ

# ਜੇਤੂਆਂ ਨੂੰ ਦਿੱਤੇ ਦਿਲ ਖਿੱਚਵੇਂ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ



**ਜਗਰਾਉਂ (ਵਰਿਆਮ ਹਠੂਰ)**-ਸੁਪਰ ਕਿੰਗ ਤਾਸ ਸੀਪ ਕਮੇਟੀ ਵੱਲੋਂ ਸਹਿਯੋਗੀ ਸਖਸੀਅਤਾਂ ਅਤੇ ਐੱਨ ਆਰ ਆਈ ਵੀਰਾਂ ਦੇ ਵਿਸ਼ੇਸ਼ ਸਹਿਯੋਗ ਸਦਕਾ ਚੌਥਾ ਤਾਸ਼ ਸੀਪ ਪੰਜਾਬ ਕੱਪ ਜਿਲ੍ਹਾ ਲੁਧਿਆਣਾ ਦੇ ਪਿੰਡ ਛੱਜਾਵਾਲ ਦੀ ਧਰਤੀ ਤੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦੀਆਂ ਗਰਾਊਂਡਾਂ ਵਿੱਚ ਕਰਵਾਇਆ ਗਿਆ, ਪੰਜਾਬ ਦੀਆਂ ਵੱਖ-ਵੱਖ ਥਾਵਾਂ ਤੋਂ ਤਾਸ਼ ਸੀਪ ਦੀਆਂ ਟੀਮਾਂ ਪਹੁੰਚੀਆ ਅਤੇ ਤਾਸ਼ ਸੀਪ ਦੇ ਸ਼ੌਕੀਨਾਂ ਨੇ ਵੀ ਪੰਜਾਬ ਕੱਪ ਤੇ ਆਪਣੀ ਹਾਜ਼ਰੀ ਭਰੀ, ਜਿੰਨ੍ਹਾਂ ਨੂੰ ਸੁਪਰ ਕਿੰਗ ਤਾਸ਼ ਸੀਪ ਕਮੇਟੀ ਦੇ ਪ੍ਰਧਾਨ ਹੌਲਦਾਰ ਜਗਰਾਜ ਸਿੰਘ ਤਖਾਣਵੱਧ, ਪ੍ਰਧਾਨ ਸੁਖਚੈਨ ਸਿੰਘ ਢਿੱਲੋਂ, ਮੀਤ ਪ੍ਰਧਾਨ ਰੂਪਾ ਛੱਜਾਵਾਲ, ਖਜਾਨਚੀ ਦੀਪ ਗ.ਾਲਿਬ ਅਤੇ ਹੈੱਡ ਕਲਰਕ ਮਹਿੰਦਰ ਸਿੰਘ ਕੁੱਸਾ ਨੇ ਜੀ ਆਇਆਂ ਆਖਿਆ, ਪੰਜਾਬ ਕੱਪ ਤੇ ਪੁੱਜੀਆਂ ਟੀਮਾਂ ਵਿਚਕਾਰ ਦਿਲਚਸਪ ਮੁਕਾਬਲੇ ਹੋਏ ਤੇ ਐੱਨ ਆਰ ਆਈ ਭਰਾਵਾਂ ਨੇ ਵੀ ਪੰਜਾਬ ਕੱਪ ਤੇ ਰੌਣਕਾਂ ਲਾਈਆਂ, ਸੁਪਰ ਕਿੰਗ ਤਾਸ਼ ਸੀਪ ਕਮੇਟੀ ਵੱਲੋਂ ਜਿੱਥੇ ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਉੱਥੇ ਪੰਜਾਬ ਤਾਸ਼ ਸੀਪ ਕੱਪ ਲਈ ਸਹਿਯੋਗ ਦੇਣ ਵਾਲੀਆਂ ਸ਼ਖ਼ਸੀਅਤਾਂ ਨੂੰ ਵੀ ਵਿਸ਼ੇਸ਼ ਤੌਰ ਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਸੁਪਰ ਕਿੰਗ ਤਾਸ਼ ਸੀਪ ਕਮੇਟੀ ਵੱਲੋਂ ਪੰਜਾਬ ਤਾਸ਼ ਸੀਪ ਕੱਪ ਤੇ ਪੁੱਜੀਆਂ ਟੀਮਾਂ ਅਤੇ ਤਾਸ਼ ਦੇ ਸ਼ੌਕੀਨਾਂ ਲਈ ਖਾਣ ਪੀਣ ਦੇ ਵੀ ਚੰਗੇ ਪ੍ਰਬੰਧ ਕੀਤੇ ਗਏ, ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਹੌਲਦਾਰ ਜਗਰਾਜ ਸਿੰਘ ਤਖਾਣਵੱਧ, ਪ੍ਰਧਾਨ ਸੁਖਚੈਨ ਸਿੰਘ ਢਿੱਲੋਂ, ਮੀਤ ਪ੍ਰਧਾਨ ਰੂਪਾ ਛੱਜਾਵਾਲ, ਖਜਾਨਚੀ ਦੀਪ ਗ.ਾਲਿਬ, ਹੈੱਡ ਕਲਰਕ ਮਹਿੰਦਰ ਸਿੰਘ ਕੁੱਸਾ ਨੇ ਕਿਹਾ ਕਿ ਸਾਡੀ ਸੁਪਰ ਕਿੰਗ ਤਾਸ਼ ਸੀਪ ਕਮੇਟੀ ਵੱਲੋਂ ਛੋਟੇ ਤਾਸ਼ ਸੀਪ ਦੇ ਟੂਰਨਾਮੈਂਟ ਹਰ ਹ.ਫਤੇ ਚੱਲਦੇ ਰਹਿੰਦੇ ਹਨ। ਪਰ ਪੰਜਾਬ ਤਾਸ਼ ਸੀਪ ਕੱਪ ਸਲਾਨਾ ਹੁੰਦਾ ਹੈ। ਪੰਜਾਬ ਤਾਸ਼ ਸੀਪ ਕੱਪ ਤੇ ਜਿੰਨੀਆਂ ਵੀ ਟੀਮਾਂ ਪਹੁੰਚੀਆਂ ਸਾਰਿਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਤੇ ਤਾਸ਼ ਸੀਪ ਕੱਪ ਲਈ ਸਹਿਯੋਗ ਦੇਣ ਵਾਲੀਆਂ ਸਾਰੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਅਤੇ ਐੱਨ ਆਰ ਆਈ ਭਰਾਵਾਂ ਦਾ ਵੀ ਬਹੁਤ ਬਹੁਤ ਧੰਨਵਾਦ, ਜਿੰਨ੍ਹਾਂ ਦੀ ਬਦੌਲਤ ਤਾਸ਼ ਸੀਪ ਕੱਪ ਨੇਪਰੇ ਚੜ੍ਹਿਆ, ਇਸ ਮੌਕੇ ਸੁਪਰ ਕਿੰਗ ਤਾਸ਼ ਸੀਪ ਕਮੇਟੀ ਦੇ ਅਹੁਦੇਦਾਰ, ਟੀਮਾਂ ਅਤੇ ਦਰਸ਼ਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹਨੇਰੀ ਬਾਰਿਸ਼ ਕਰਕੇ ਹੋਏ ਖਰਾਬੇ ਦੀ ਸਪੈਸ਼ਲ ਹੋਵੇ ਗਿਰਦਾਵਰੀ—ਕਿਸਾਨ ਯੂਨੀਅਨ

ਫ਼ਿਰੋਜ਼ਪੁਰ, 01 ਅਪ੍ਰੈਲ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਜਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕੀ ਬੀਤੀ ਰਾਤ ਨੂੰ ਜ਼ਿਲਾ ਫਿਰੋਜ਼ਪੁਰ ਦੇ ਕਾਫੀ ਜਿਆਦਾ ਇਲਾਕੇ ਵਿੱਚ ਭਾਰੀ ਗੜ੍ਹੇਮਾਰੀ ਮੀਂਹ ਅਤੇ ਤੇਜ ਹਨੇਰੀ ਕਾਰਨ ਕਿਸਾਨਾਂ ਦੀ ਕਣਕ ਦੀ ਫ਼ਸਲ ਮਿਰਚ ਸਰੋਂ ਅਤੇ ਸਬਜ਼ੀਆਂ ਦਾ ਭਾਰੀ ਮਾਤਰਾ ਵਿੱਚ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਵੀ ਆਲੂ ਅਤੇ ਮਟਰ ਦੀ ਖੇਤੀ ਵਿੱਚੋਂ ਰੇਟ ਘੱਟ ਹੋਣ ਕਾਰਨ ਕਾਫੀ ਜਿਆਦਾ ਬੋਝ ਪਿਆ ਹੈ ਹੁਣ ਫੇਰ ਹਨੇਰੀ ਬਾਰਿਸ਼ ਅਤੇ ਗੜ੍ਹੇਮਾਰੀ ਨਾਲ ਕਾਫੀ ਨੁਕਸਾਨ ਹੋਇਆ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਵੱਲੋਂ ਮੰਗ ਕੀਤੀ ਕਿ ਹੋਏ ਨੁਕਸਾਨ ਦਾ ਟੀਮਾਂ ਭੇਜ ਕੇ ਜਲਦੀ ਸਪੈਸ਼ਲ ਗਿਰਦਾਵਰੀ ਕਰਕੇ ਕਿਸਾਨਾਂ ਨੂੰ ਹੋਏ ਨੁਕਸਾਨ ਦਾ ਤੁਰੰਤ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਕਿਸਾਨ ਅੱਗੇ ਆਉਣ ਵਾਲੀ ਫਸਲ ਲਈ ਸਮਰੱਥ ਹੋ ਸਕੇ ਅਤੇ ਪਿਛਲੇ ਸਾਲਾਂ ਦੌਰਾਨ ਵੀ ਸਰਕਾਰ ਵੱਲੋਂ ਕਿਸਾਨਾਂ ਦੀਆਂ ਫਸਲਾਂ ਦੇ ਖਰਾਬੇ ਦਾ ਅਤੇ ਭਾਰੀ ਬਾਰਸ਼ ਨਾਲ ਹੋਏ ਡੋਬੇ ਦਾ ਕੋਈ ਮੁਆਵਜ਼ਾ ਨਹੀਂ ਦਿੱਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਅਤੇ ਪ੍ਰਸ਼ਾਸਨ ਜਲਦੀ ਹੀ ਇਸ ਉਪਰ ਕੋਈ ਗੌਰ ਨਹੀਂ ਕਰਦੀ ਤਾਂ ਜਥੇਬੰਦੀ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਵੱਡੇ ਸੰਘਰਸ਼ ਕਰਨ ਲਈ ਤਿਆਰ ਹੋਵੇਗੀ, ਜਿਸ ਦੀ ਜ਼ੁੰਮੇਵਾਰੀ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ।




# ਅਮਰੀਕਾ-ਇਰਾਨ ਤਣਾਅ ਅਤੇ ਡੁਬਈ ਦੇ ਵਜੂਦ 'ਤੇ ਪੈਂਦਾ ਪ੍ਰਭਾਵ



ਡੁਬਈ ਨੇ ਪਿਛਲੇ ਕੁਝ ਦਹਾਕਿਆਂ ਵਿੱਚ ਆਪਣੇ ਆਪ ਨੂੰ ਇੱਕ ਮਾਰੂਥਲ ਤੋਂ ਬਦਲ ਕੇ ਵਿਸ਼ਵ ਦੇ ਸਭ ਤੋਂ ਆਧੁਨਿਕ ਵਪਾਰਕ, ਸੈਰ-ਸਪਾਟਾ ਅਤੇ ਰਿਹਾਇਸ਼ੀ ਕੇਂਦਰ ਵਜੋਂ ਸਥਾਪਿਤ ਕੀਤਾ ਹੈ। ਡੁਬਈ ਦੀ ਸਭ ਤੋਂ ਵੱਡੀ ਖੂਬੀ ਇਸ ਦੀ 'ਸੁਰੱਖਿਆ' ਰਹੀ ਹੈ। ਜਦੋਂ ਮੱਧ-ਪੂਰਬ ਦੇ ਹੋਰ ਦੇਸ਼ (ਜਿਵੇਂ ਇਰਾਕ, ਸੀਰੀਆ, ਯਮਨ) ਜੰਗਾਂ ਵਿੱਚ ਸੜ ਰਹੇ ਸਨ, ਉਦੋਂ ਡੁਬਈ ਇੱਕ ਅਜਿਹੀ ਜਗ੍ਹਾ ਵਜੋਂ ਉੱਭਰਿਆ ਜਿੱਥੇ ਦੁਨੀਆ ਦੇ ਹਰ ਕੋਨੇ ਤੋਂ ਲੋਕ ਬਿਨਾਂ ਕਿਸੇ ਡਰ ਦੇ ਨਿਵੇਸ਼ ਕਰ ਸਕਦੇ ਸਨ ਅਤੇ ਰਹਿ ਸਕਦੇ ਸਨ। ਪਰ ਅਮਰੀਕਾ ਅਤੇ ਇਰਾਨ ਦੀ ਲੜਾਈ ਨੇ ਇਸ 'ਸੁਰੱਖਿਅਤ ਕਿਲੇ' ਦੀਆਂ ਕੰਧਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ।

ਡੁਬਈ ਦੀ ਆਰਥਿਕਤਾ ਅਤੇ ਸੁਰੱਖਿਆ ਦਾ ਨੁਕਸਾਨ ਡੁਬਈ ਦੀ ਆਰਥਿਕਤਾ ਤੇਲ 'ਤੇ ਨਹੀਂ, ਸਗੋਂ ਸੈਰ-ਸਪਾਟਾ, ਰੀਅਲ ਅਸਟੇਟ ਅਤੇ ਅੰਤਰਰਾਸ਼ਟਰੀ ਵਪਾਰ 'ਤੇ ਟਿਕੀ ਹੋਈ ਹੈ। ਜਦੋਂ ਵੀ ਅਮਰੀਕਾ ਅਤੇ ਇਰਾਨ ਵਿਚਾਲੇ ਜੰਗੀ ਹਾਲਾਤ ਬਣਦੇ ਹਨ, ਤਾਂ ਸਭ ਤੋਂ ਪਹਿਲਾਂ ਨੁਕਸਾਨ ਡੁਬਈ ਦੇ ਭਰੋਸੇ ਨੂੰ ਹੁੰਦਾ ਹੈ।

ਨਿਵੇਸ਼ਕਾਂ ਦਾ ਡਰ: ਨਿਵੇਸ਼ਕ ਹਮੇਸ਼ਾ ਉਸ ਜਗ੍ਹਾ ਪੈਸਾ ਲਗਾਉਂਦੇ ਹਨ ਜਿੱਥੇ ਸਥਿਰਤਾ ਹੋਵੇ। ਇਰਾਨ ਦੀ ਭੂਗੋਲਿਕ ਸਥਿਤੀ ਡੁਬਈ ਦੇ ਬਹੁਤ ਨੇੜੇ ਹੈ। ਜੇਕਰ ਅਮਰੀਕਾ ਇਰਾਨ 'ਤੇ ਹਮਲਾ ਕਰਦਾ ਹੈ ਜਾਂ ਇਰਾਨ ਜਵਾਬੀ ਕਾਰਵਾਈ ਕਰਦਾ ਹੈ, ਤਾਂ ਡੁਬਈ ਵਰਗੇ ਸ਼ਹਿਰ ਸਿੱਧੇ ਨਿਸ਼ਾਨੇ 'ਤੇ ਆ ਸਕਦੇ ਹਨ। ਇਸ ਡਰ ਕਾਰਨ ਵੱਡੇ ਨਿਵੇਸ਼ਕ ਆਪਣਾ ਪੈਸਾ ਡੁਬਈ ਵਿੱਚੋਂ ਕੱਢ ਕੇ ਯੂਰਪ ਜਾਂ ਹੋਰ ਸੁਰੱਖਿਅਤ ਦੇਸ਼ਾਂ ਵਿੱਚ ਲਿਜਾਣ ਬਾਰੇ ਸੋਚਣ ਲੱਗਦੇ ਹਨ।

ਰੀਅਲ ਅਸਟੇਟ 'ਤੇ ਅਸਰ: ਡੁਬਈ ਵਿੱਚ ਵੱਡੀ ਗਿਣਤੀ ਵਿੱਚ ਭਾਰਤੀ, ਪਾਕਿਸਤਾਨੀ, ਯੂਰਪੀ ਅਤੇ ਅਮਰੀਕੀ ਲੋਕਾਂ ਨੇ ਘਰ ਖਰੀਦੇ ਹੋਏ ਹਨ। ਜੰਗ ਦੇ ਖ਼ਤਰੇ ਕਾਰਨ ਸੰਪਤੀਆਂ ਦੀਆਂ ਕੀਮਤਾਂ ਡਿੱਗਣ ਦਾ ਡਰ ਬਣਿਆ ਰਹਿੰਦਾ ਹੈ।

**ਅਮਰੀਕਾ ਦੀ ਨੀਤੀ: 'ਸੁਪਰ ਪਾਵਰ' ਬਣੇ ਰਹਿਣ ਦੀ ਜੰਗ**-ਇਹ ਵਿਚਾਰ ਕਾਫੀ ਹੱਦ ਤੱਕ ਪ੍ਰਚਲਿਤ ਹੈ ਕਿ ਅਮਰੀਕਾ ਆਪਣੀ ਵਿਸ਼ਵਵਿਆਪੀ ਸਰਦਾਰੀ ਨੂੰ ਬਰਕਰਾਰ ਰੱਖਣ ਲਈ ਕਿਸੇ ਵੀ ਹੋਰ ਦੇਸ਼ ਜਾਂ ਖੇਤਰ ਨੂੰ ਆਪਣੇ ਤੋਂ ਅੱਗੇ ਵਧਦਾ ਨਹੀਂ ਦੇਖਣਾ ਚਾਹੁੰਦਾ ਆਰਥਿਕ ਕੰਟਰੋਲ: ਡੁਬਈ ਅਤੇ ਯੂ.ਏ.ਈ. ਜਿਸ ਤੇਜ਼ੀ ਨਾਲ ਚੀਨ ਅਤੇ ਰੂਸ ਨਾਲ ਆਪਣੇ ਸਬੰਧ ਵਧਾ ਰਹੇ ਹਨ, ਉਹ ਅਮਰੀਕਾ ਨੂੰ ਪਸੰਦ ਨਹੀਂ ਆ ਰਿਹਾ। ਅਮਰੀਕਾ ਚਾਹੁੰਦਾ ਹੈ ਕਿ ਅਰਬ ਦੇਸ਼ ਪੂਰੀ ਤਰ੍ਹਾਂ ਉਸ 'ਤੇ ਨਿਰਭਰ ਰਹਿਣ। ਡਾਲਰ ਦਾ ਦਬਦਬਾ: ਜੇਕਰ ਡੁਬਈ ਵਰਗੇ ਦੇਸ਼ ਅਮਰੀਕਾ ਤੋਂ ਸੁਤੰਤਰ ਹੋ ਕੇ ਵੱਡੇ ਆਰਥਿਕ ਫੈਸਲੇ ਲੈਣ ਲੱਗਦੇ ਹਨ, ਤਾਂ ਇਹ ਅਮਰੀਕੀ ਡਾਲਰ ਦੀ ਤਾਕਤ ਲਈ ਖਤਰਾ ਬਣ ਸਕਦਾ ਹੈ ਹਥਿਆਰਾਂ ਦੀ ਵਿਕਰੀ: ਮੱਧ-ਪੂਰਬ ਵਿੱਚ ਅਸਥਿਰਤਾ ਅਮਰੀਕਾ ਨੂੰ ਆਪਣੇ ਹਥਿਆਰ ਵੇਚਣ ਦਾ ਮੌਕਾ ਦਿੰਦੀ ਹੈ। ਜਦੋਂ ਇਰਾਨ ਦਾ ਡਰ ਦਿਖਾਇਆ ਜਾਂਦਾ ਹੈ, ਤਾਂ ਅਰਬ ਦੇਸ਼ ਅਮਰੀਕਾ ਤੋਂ ਅਰਬਾਂ ਡਾਲਰ ਦੇ ਹਥਿਆਰ ਖਰੀਦਣ ਲਈ ਮਜਬੂਰ ਹੋ ਜਾਂਦੇ ਹਨ।

ਸਮੁੰਦਰੀ ਰਸਤੇ ਅਤੇ ਵਪਾਰਕ ਰੁਕਾਵਟਾਂ ਡੁਬਈ 'ਹਾਰਮੁਜ਼ ਜਲਡਮਰੂ' ਦੇ ਬਹੁਤ ਨੇੜੇ ਹੈ, ਜਿੱਥੋਂ ਦੁਨੀਆ ਦਾ ਇੱਕ ਤਿਹਾਈ ਤੇਲ ਵਪਾਰ ਹੁੰਦਾ ਹੈ। ਅਮਰੀਕਾ ਅਤੇ ਇਰਾਨ ਦੀ ਲੜਾਈ ਕਾਰਨ ਜੇਕਰ ਇਹ ਰਸਤਾ ਬੰਦ ਹੁੰਦਾ ਹੈ, ਤਾਂ ਡੁਬਈ ਦੀ ਬੰਦਰਗਾਹ 'ਤੇ ਵਪਾਰ ਠੱਪ ਹੋ ਸਕਦਾ ਹੈ। ਇਸ ਨਾਲ ਸ਼ਿਪਿੰਗ ਬੀਮਾ ਦੀਆਂ ਕੀਮਤਾਂ ਵਧ ਜਾਂਦੀਆਂ ਹਨ, ਜਿਸ ਨਾਲ ਹਰ ਚੀਜ਼ ਮਹਿੰਗੀ ਹੋ ਜਾਂਦੀ ਹੈ।

ਸੈਰ-ਸਪਾਟਾ: ਡੁਬਈ ਦੀ ਰੀੜ੍ਹ ਦੀ ਹੱਡੀ ਡੁਬਈ ਦੀ ਪਛਾਣ 'ਬੁਰਜ ਖਲੀਫ਼ਾ' ਅਤੇ ਆਲੀਸ਼ਾਨ ਮਾਲਜ਼ ਤੋਂ ਹੈ। ਸੈਲਾਨੀ ਸਿਰਫ ਉੱਥੇ ਜਾਂਦੇ ਹਨ ਜਿੱਥੇ ਸ਼ਾਂਤੀ ਹੋਵੇ। ਖੇਤਰ ਵਿੱਚ ਤਣਾਅ ਕਾਰਨ ਫਲਾਈਟਾਂ ਦੇ ਰੂਟ ਬਦਲਣੇ ਪੈਂਦੇ ਹਨ ਅਤੇ ਸੈਲਾਨੀਆਂ ਵਿੱਚ ਦਹਿਸ਼ਤ ਪੈਦਾ ਹੁੰਦੀ ਹੈ। ਜੇਕਰ ਡੁਬਈ ਤੋਂ 'ਸੇਫ ਸਿਟੀ' ਦਾ ਟੈਗ ਖੁੱਸ ਗਿਆ, ਤਾਂ ਇਸ ਦਾ ਸੈਰ-ਸਪਾਟਾ ਮਾਡਲ ਪੂਰੀ ਤਰ੍ਹਾਂ ਫੇਲ੍ਹ ਹੋ ਸਕਦਾ ਹੈ। ਅਮਰੀਕਾ ਅਤੇ ਇਰਾਨ ਦੀ ਜੰਗ ਸਿਰਫ ਦੋ ਦੇਸ਼ਾਂ ਦੀ ਲੜਾਈ ਨਹੀਂ ਹੈ, ਬਲਕਿ ਇਹ ਮੱਧ-ਪੂਰਬ ਦੇ ਆਰਥਿਕ ਕੇਂਦਰਾਂ ਨੂੰ ਕਮਜ਼ੋਰ ਕਰਨ ਦੀ ਇੱਕ ਖੇਡ ਵੀ ਹੋ ਸਕਦੀ ਹੈ। ਡੁਬਈ ਨੇ ਹੁਣ ਤੱਕ ਬਹੁਤ ਹੀ ਸਮਝਦਾਰੀ ਨਾਲ ਨਿਰਪੱਖ ਰਹਿਣ ਦੀ ਕੋਸ਼ਿਸ਼ ਕੀਤੀ ਹੈ, ਪਰ ਵੱਡੀਆਂ ਤਾਕਤਾਂ ਦੇ ਆਪਸੀ ਟਕਰਾਅ ਵਿੱਚ ਛੋਟੇ ਪਰ ਆਰਥਿਕ ਤੌਰ 'ਤੇ ਮਜ਼ਬੂਤ ਦੇਸ਼ਾਂ ਦਾ ਨੁਕਸਾਨ ਸਭ ਤੋਂ ਵੱਧ ਹੁੰਦਾ ਹੈ। ਡੁਬਈ ਦੀ ਸਭ ਤੋਂ ਵੱਡੀ ਚੁਣੌਤੀ ਇਸ ਅਸਥਿਰਤਾ ਦੇ ਦੌਰ ਵਿੱਚ ਆਪਣੀ 'ਸੁਰੱਖਿਅਤ ਦੇਸ਼' ਵਾਲੀ ਸਾਖ ਨੂੰ ਬਚਾ ਕੇ ਰੱਖਣਾ ਹੈ।

**-ਪ੍ਰਗਟ ਸਿੰਘ ਗਿੱਲ ਬਾ.ਗੀ**

ਆਵਾਜ਼ਿ ਕੌਮ AWAZE QAUM International Newspaper & WEB TV

# ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਨਾਲ ਸਾਂਝ ਕਰਕੇ ਸਿਹਤ ਸੇਵਾਵਾਂ ਵਧਾਈਆਂ



ਫ਼ਿਰੋਜ਼ਪੁਰ, 01 ਅਪ੍ਰੈਲ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਨੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਉਜਾਲਾ ਸਿਗਨਸ ਨਾਲ ਸਾਂਝ ਕਰਕੇ ਆਪਣੇ ਇੰਪੈਨਲਮੈਂਟ ਦਾ ਵਿਸਥਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਇਸ ਨਵੇਂ ਇੰਪੈਨਲਮੈਂਟ ਨਾਲ ਖੇਤਰ ਦੇ ਮਰੀਜ਼ਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਉਨ੍ਹਾਂ ਨੂੰ ਵੱਖ—ਵੱਖ ਬੀਮਾ ਯੋਜਨਾਵਾਂ ਹੇਠ ਇਲਾਜ ਲੈਣ ਵਿੱਚ ਆਸਾਨੀ ਹੋਵੇਗੀ। ਉਨ੍ਹਾਂ ਕਿਹਾ ਕਿ ਹਸਪਤਾਲ ਦਾ ਮੁੱਖ ਉਦੇਸ਼ ਹਰ ਵਰਗ ਤੱਕ ਉੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣਾ ਹੈ ਅਤੇ ਇਸੇ ਦਿਸ਼ਾ ਵਿੱਚ ਇਹ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਪਹਿਲ ਦੇ ਤਹਿਤ ਹੁਣ ਵੱਧ ਤੋਂ ਵੱਧ ਮਰੀਜ਼ਾਂ ਨੂੰ ਕੈਸ਼ਲੇਸ ਅਤੇ ਰੀਅੰਬਰਸਮੈਂਟ ਸੁਵਿਧਾਵਾਂ ਰਾਹੀਂ ਬਿਹਤਰ ਅਤੇ ਆਸਾਨ ਇਲਾਜ ਮਿਲੇਗਾ।

ਉਨ੍ਹਾਂ ਦੱਸਿਆ ਕਿ ਹਸਪਤਾਲ ਹੁਣ ਕਈ ਪ੍ਰਮੁੱਖ ਨਿੱਜੀ ਬੀਮਾ ਕੰਪਨੀਆਂ ਦੇ ਪੈਨਲ ਵਿੱਚ ਸ਼ਾਮਲ ਹੋ ਗਿਆ ਹੈ, ਜਿਨ੍ਹਾਂ ਵਿੱਚ ਆਦਿਤਿਆ ਬਿੜਲਾ ਹੈਲਥ ਇੰਸ਼ੋਰੈਂਸ, ਕੇਅਰ ਹੈਲਥ ਇੰਸ਼ੋਰੈਂਸ, ਪਾਰਕ ਮੈਡੀਕਲੇਮ ਇੰਸ਼ੋਰੈਂਸ ਟੀਪੀਏ ਲਿਮਿਟਡ, ਆਈ.ਸੀ.ਆਈ.ਸੀ.ਆਈ ਲੋਮਬਾਰਡ ਜਨਰਲ ਇੰਸ਼ੋਰੈਂਸ, ਐਚ.ਡੀ.ਐਫ.ਸੀ ਈ.ਆਰ.ਜੀ.ਓ ਅਤੇ ਰਿਲਾਇੰਸ ਜਨਰਲ ਇੰਸ਼ੋਰੈਂਸ ਸ਼ਾਮਲ ਹਨ। ਇਸ ਤੋਂ ਇਲਾਵਾ ਹਸਪਤਾਲ ਉੱਤਰ ਰੇਲਵੇ ਅਤੇ ਸਤਕਾਰ ਹੈਲਥ ਸਕੀਮ ਵਰਗੀਆਂ ਸਰਕਾਰੀ ਯੋਜਨਾਵਾਂ ਨਾਲ ਵੀ ਜੁੜਿਆ ਹੋਇਆ ਹੈ, ਜਿਸ ਨਾਲ ਆਮ ਲੋਕਾਂ ਨੂੰ ਇਲਾਜ ਵਿੱਚ ਹੋਰ ਵੀ ਸੁਵਿਧਾ ਮਿਲੇਗੀ। ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਉਨ੍ਹਾਂ ਦਾ ਲਕਸ਼ ਹਰ ਵਿਅਕਤੀ ਤੱਕ ਸਸਤੀ ਅਤੇ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਇਸ ਵਿਸਥਾਰ ਨਾਲ ਸਮਾਜ ਦੇ ਵੱਡੇ ਹਿੱਸੇ ਨੂੰ ਲਾਭ ਮਿਲੇਗਾ ਅਤੇ ਮਰੀਜ਼ਾਂ ਨੂੰ ਹੋਰ ਚੰਗੀਆਂ ਮੈਡੀਕਲ ਸੁਵਿਧਾਵਾਂ ਪ੍ਰਾਪਤ ਹੋਣਗੀਆਂ। ਇਸ ਨਵੀਂ ਪਹਿਲ ਨਾਲ ਅਮਨਦੀਪ ਹਸਪਤਾਲ ਨੇ ਇਕ ਵਾਰ ਫਿਰ ਸਾਬਤ ਕੀਤਾ ਹੈ ਕਿ ਉਹ ਖੇਤਰ ਵਿੱਚ ਸਸਤੀ, ਸੁਗਮ ਅਤੇ ਉੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਆਵਾਜ਼ਿ ਕੌਮ AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੱਤਿਆ ਐਲੀਮੈਂਟਰੀ ਸਕੂਲ ਹਠੂਰ ਵਿੱਚ ਸਲਾਨਾ ਨਤੀਜਾ ਐਲਾਨਿਆ

# ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਅਤੇ ਸਟਾਫ਼ ਨੇ ਪੁਜੀਸਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਦਿੱਤੀਆਂ ਮੁਬਾਰਕਾਂ








ਜਗਰਾਉਂ (ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਬੱਚਿਆਂ ਦਾ ਸਲਾਨਾ ਨਤੀਜਾ ਦਿਵਸ ਸਮਾਰੋਹ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਰੱਖੇ ਸਮਾਰੋਹ ਵਿੱਚ ਵਿਦਿਆਰਥੀਆਂ ਦੀ ਸਾਲ ਭਰ ਦੀ ਮਿਹਨਤ ਅਤੇ ਪ੍ਰਾਪਤੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਿੱਥੇ ਮੁੱਖ ਮਹਿਮਾਨ ਵਜੋਂ ਸਤਿਕਾਰਯੋਗ ਤੇ ਮਾਣਮੱਤੀ ਸ਼ਖ਼ਸੀਅਤ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਅਤੇ ਪੰਚ ਜਗਦੇਵ ਸਿੰਘ ਬੱਬੂ ਗਰੇਵਾਲ,ਪੰਚ ਦੀਪ ਨੇ ਸਮਾਰੋਹ ਵਿੱਚ ਸ਼ਮੂਲੀਅਤ ਕੀਤੀ ਉੱਥੇ ਸ਼ਹੀਦ ਬਾਬਾ ਜੀਵਨ ਸਿੰਘ ਕਲੱਬ ਤੋਂ ਇੰਦਰਜੀਤ ਸਿੰਘ, ਕੇਵਲ ਸਿੰਘ, ਜਗਤਾਰ ਸਿੰਘ, ਨਾਇਬ ਸਿੰਘ, ਬੂੜਾ ਸਿੰਘ, ਸਰਬਜੀਤ ਸਿੰਘ, ਹਰਪਾਲ ਸਿੰਘ ਸਮੇਤ ਪ੍ਰਮਿੰਦਰ ਸਿੰਘ ਕੰਬੋ ਅਤੇ ਬੱਚਿਆਂ ਦੇ ਮਾਪਿਆਂ ਨੇ ਵੀ ਹਾਜ਼ਰੀ ਭਰੀ, ਸਮੂਹ ਸਕੂਲ ਸਟਾਫ ਵੱਲੋਂ ਸਾਰਿਆਂ ਨੂੰ ਜੀ ਆਇਆਂ ਆਖਿਆ, ਇਸ ਮੌਕੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਨੇ ਬੱਚਿਆਂ ਨੂੰ ਸਖ਼ਤ ਮਿਹਨਤ ਕਰਕੇ ਵਿੱਦਿਆ ਦੇ ਖੇਤਰ ਵਿੱਚ ਅੱਗੇ ਆਉਣ ਲਈ ਅਤੇ ਪੜ੍ਹ ਲਿਖ ਕੇ ਜੀਵਨ ਵਿੱਚ ਤਰੱਕੀਆਂ ਕਰਕੇ ਮੰਜ਼ਿਲਾਂ ਸਰ ਕਰਨ ਲਈ ਪ੍ਰੇਰਿਤ ਕੀਤਾ ਤੇ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ, ਸਮਾਰੋਹ ਵਿੱਚ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਸਕੂਲ ਸਟਾਫ਼ ਅਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਕਲੱਬ ਵੱਲੋਂ ਸਕੂਲ ਦੇ ਹੋਣਹਾਰ ਅਤੇ ਉੱਚ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ, ਵਿਦਿਆਰਥੀਆਂ ਦੇ ਚਿਹਰਿਆਂ 'ਤੇ ਖ਼ੁਸ਼ੀ ਦੀਆਂ ਛੱਲਾਂ ਅਤੇ ਗਰਵ ਸਾਫ਼ ਦਿਖਾਈ ਦੇ ਰਿਹਾ ਸੀ। ਸਹੀਦ ਬਾਬਾ ਜੀਵਨ ਸਿੰਘ ਜੀ ਕਲੱਬ ਵੱਲੋਂ ਇਨਾਮ ਤਕਸੀਮ ਕੀਤੇ ਗਏ, ਤੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਵੱਲੋਂ ਸ਼ਹੀਦ ਬਾਬਾ ਜੀਵਨ ਸਿੰਘ ਕਲੱਬ ਨੂੰ ਪੰਜ ਹਜ਼ਾਰ ਰੁਪਏ ਦੀ ਸੇਵਾ ਵੀ ਦਿੱਤੀ, ਮੁੱਖ ਅਧਿਆਪਕਾ ਮੈਡਮ ਸੀਮਾ ਰਾਣੀ, ਮੈਡਮ ਮੋਨਿਕਾ ਜੈਨ, ਗੁਰਪ੍ਰੀਤ ਕੌਰ, ਅਨੂ ਰਾਣੀ, ਪ੍ਰੀਤ ਸਿੰਘ, ਜਸਦੀਪ ਕੌਰ,ਸੁਮਨਦੀਪ ਕੌਰ, ਗੁਰਜੀਤ ਕੌਰ, ਜਸਪ੍ਰੀਤ ਕੌਰ ਅਤੇ ਰਾਜਦੀਪ ਕੌਰ ਨੇ ਸਮਾਰੋਹ ਨੂੰ ਸਫਲ ਬਣਾਇਆ, ਇਸ ਮੌਕੇ 'ਤੇ ਸਕੂਲ ਦੀ ਅਧਿਆਪਕਾ ਮਿਸ ਗੁਰਪ੍ਰੀਤ ਕੌਰ ਨੂੰ "ਟੀਚਰ ਆਫ਼ ਦ ਇਅਰ" ਦੇ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਜਿੱਥੇ ਆਏ ਹੋਏ ਮਹਿਮਾਨਾਂ ਦਾ ਅਤੇ ਬੱਚਿਆਂ ਦੇ ਮਾਪਿਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਉੱਥੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਆਈਡੀਅਲ ਕੌਨਵੈਂਟ ਸਕੂਲ ਹਠੂਰ ਦਾ ਨਤੀਜਾ ਰਿਹਾ ਸ਼ਾਨਦਾਰ

### ਪੁਜੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਸਕੂਲ ਸਟਾਫ਼ ਵੱਲੋਂ ਵਿਸ਼ੇਸ਼ ਤੌਰ ਤੇ ਕੀਤਾ ਗਿਆ ਸਨਮਾਨਿਤ






ਹਠੂਰ/ਜਗਰਾਉਂ -(ਵਰਿਆਮ ਹਠੂਰ) ਇਲਾਕੇ ਦੀ ਚਰਚਿਤ ਤੇ ਨਾਮਵਾਰ ਵਿੱਦਿਅਕ ਸੰਸਥਾ ਆਈਡੀਅਲ ਕੌਨਵੈਂਟ ਸਕੂਲ ਹਠੂਰ (ਲੁਧਿਆਣਾ) ਵਿਖੇ ਬੱਚਿਆਂ ਦੇ ਪੇਪਰਾਂ ਦਾ ਨਤੀਜਾ ਐਲਾਨਿਆ ਗਿਆਂ ਤੇ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਅਤੇ ਸਕੂਲ ਸਟਾਫ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਸਕੂਲ ਦੇ ਸਾਰੇ ਬੱਚੇ ਆਪਣੇ ਮਾਤਾ ਪਿਤਾ ਨਾਲ ਸਕੂਲ ਡਰੈਸਸ ਵਿੱਚ ਸਕੂਲ ਪਹੁੰਚੇ ਜਿਸ ਤੇ ਸਕੂਲ ਵਿੱਚ ਮਿਹਨਤੀ ਸਕੂਲ ਸਟਾਫ ਦੁਆਰਾ ਬਣਾਏ ਅਨੁਸ਼ਾਸਨ ਤੇ ਸਾਰੇ ਬਾਗੋ-ਬਾਗ ਨਜ਼ਰ ਆਏ, ਨਤੀਜੇ ਨੂੰ ਲੈ ਕੇ ਜਿੱਥੇ ਸਕੂਲ ਦੇ ਬੱਚਿਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ




ਮਿਲਿਆ ਉੱਥੇ ਮਾਪਿਆਂ ਵਿੱਚ ਵੀ ਉਤਸ਼ਾਹ ਨਜ਼ਰ ਆਇਆ, ਵੱਖ ਵੱਖ ਕਲਾਸਾਂ ਦੇ ਬੱਚਿਆਂ ਨੂੰ ਸਕੂਲ ਸਟਾਫ਼ ਵੱਲੋਂ ਰਿਪੋਰਟ ਕਾਰਡ ਦੇ ਨਾਲ ਮੈਡਲ ਅਤੇ ਟਰਾਫੀਆਂ ਦੇ ਕੇ ਬੱਚਿਆਂ ਦਾ ਹੌਸਲਾ ਅਫ਼ਜ਼ਾਈ ਕੀਤਾ, ਤੇ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ, ਗੱਲਬਾਤ ਦੌਰਾਨ ਬਹੁਤ ਸਾਰੇ ਮਾਪਿਆਂ ਨੇ ਸਕੂਲ ਵਿੱਚ ਬੱਚਿਆਂ ਦੀ ਸ਼ਖਸ਼ੀਅਤ ਨੂੰ ਨਿਖਾਰਨ ਲਈ ਸਕੂਲ ਸਟਾਫ਼ ਦੁਆਰਾ ਕੀਤੇ ਜਾਂਦੇ ਯਤਨਾਂ ਦੀ ਖੂਬ ਪ੍ਰਸ਼ੰਸਾ ਕੀਤੀ ਅਤੇ ਆਪਣੇ ਬੱਚਿਆਂ ਦੀ ਰਿਪੋਰਟ ਤੇ ਖੁਸ਼ੀ ਜ਼ਾਹਿਰ ਕੀਤੀ। ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਗੱਲਬਾਤ ਦੌਰਾਨ ਨਵੇਂ ਸੈਸ਼ਨ ਵਿੱਚ ਕੀਤੀਆਂ ਜਾਣ ਵਾਲੀਆਂ ਸਰਗਰਮੀਆਂ ਬਾਰੇ ਵਿਸ਼ੇਸ਼ ਗੱਲਬਾਤ ਕੀਤੀ। ਤੇ ਸਕੂਲ ਵਿੱਚ ਨਵੇਂ ਦਾਖਲਿਆਂ ਸਬੰਧੀ ਬੱਚਿਆਂ ਅਤੇ ਮਾਪਿਆਂ ਵਿੱਚ ਉਤਸ਼ਾਹ ਨੂੰ ਦੇਖਦੇ ਹੋਏ ਖੁਸ਼ੀ ਵੀ ਜ਼ਾਹਿਰ ਕੀਤੀ। ਇਸ ਦੌਰਾਨ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਨੇ ਸਕੂਲ ਦੇ ਵਧੀਆ ਨਤੀਜੇ ਤੇ ਖੁਸ਼ੀ ਜ਼ਾਹਿਰ ਕਰਦੇ ਹੋਏ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਸਮੂਹ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਜਿੱਥੇ ਮੁਬਾਰਕਾਂ ਦਿੱਤੀਆਂ ਉੱਥੇ ਸਕੂਲ ਵਿੱਚ ਬਣ ਰਹੀ ਨਵੀਂ ਇਮਾਰਤ ਦੀਆਂ ਵਧਾਈਆਂ ਦਿੰਦੇ ਹੋਏ ਦੱਸਿਆ ਕਿ ਹੁਣ ਬੱਚਿਆਂ ਨੂੰ ਮੈਡੀਕਲ ਅਤੇ ਨਾਨ ਮੈਡੀਕਲ, ਕਮਰਸ ਅਤੇ ਆਰਟਸ ਦੀ ਪੜ੍ਹਾਈ ਲਈ ਦੂਰ ਦੁਰਾਡੇ ਸ਼ਹਿਰਾਂ ਵਿੱਚ ਨਹੀਂ ਜਾਣਾ ਪਵੇਗਾ ਸਗੋਂ ਸਕੂਲ ਵਿੱਚ ਹੀ ਮੈਡੀਕਲ ਨਾਨ ਮੈਡੀਕਲ, ਕਮਰਸ ਅਤੇ ਆਰਟਸ ਦੀ ਪੜ੍ਹਾਈ ਕਰਵਾਈ ਜਾਵੇਗੀ। ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਬੱਚਿਆਂ ਦਾ ਭਵਿੱਖ ਉੱਜਵਲ ਬਣਾਉਣ ਲਈ ਅਤੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਾਡੇ ਸਕੂਲ ਦੇ ਮਿਹਨਤੀ ਸਟਾਫ ਵੱਲੋਂ ਪੂਰੀ ਮਿਹਨਤ ਕੀਤੀ ਜਾਂਦੀ ਹੈ। ਇਸ ਮੌਕੇ ਸਕੂਲ ਸਟਾਫ ਵਿੱਚ ਮੈਡਮ ਚਰਨਜੀਤ ਕੌਰ, ਸੰਦੀਪ ਕੌਰ, ਹਰਪ੍ਰੀਤ ਕੌਰ, ਸੰਦੀਪ ਕੌਰ, ਸੁਖਦੀਪ ਕੌਰ, ਹਰਵਿੰਦਰ ਕੌਰ, ਅਮਨਜੋਤ ਕੌਰ,ਅਮਨਦੀਪ ਕੌਰ, ਮਧੂ , ਰਮਨਦੀਪ ਕੌਰ, ਗੁਰਪ੍ਰੀਤ ਕੌਰ, ਗਗਨਦੀਪ ਕੌਰ, ਗੁਰਵਿੰਦਰ ਕੌਰ, ਗੁਰਮੀਤ ਸਿੰਘ, ਹਰਕਰਨਪ੍ਰੀਤ ਸਿੰਘ, ਸਮੇਤ ਸਕੂਲ ਦੇ ਬੱਚੇ ਅਤੇ ਬੱਚਿਆਂ ਦੇ ਮਾਪੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243